ਲੋਕ ਬਾਣੀ tv
ਪੰਜਾਬ ਦੇ ਲੋਕਾਂ ਦੀ ਆਵਾਜ਼

ਸੱਚ ਤੇ ਨਿਡਰ ਆਵਾਜ਼ ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ ਅਮਨਦੀਪ ਮਹਿਰਾ

ਸ਼ੁੱਕਰਵਾਰ 16 ਫਰਵਰੀ 2024




R.N.I.Punpun/29016/2008 ✻ ਸਾਲ 15 ✻ ਅੰਕ : 271 ✻ ਮੁੱਲ ; 5.00 ਰੁਪਏ ✻ ਕੁੱਲ ਪੇਜ਼ 10 ✻ ਦਫਤਰ : 0181-2211009 ✻ : M 99155-94111

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

## ਪਾਕਿਸਤਾਨ ਦੇ ਰਾਸ਼ਟਰਪਤੀ ਬਣ ਸਕਦੇ ਹਨ ਜ਼ਰਦਾਰੀ

ਲੋਕ ਬਾਣੀ/ ਇਸਲਾਮਾਬਾਦ,



ਪਾਕਿਸਤਾਨ ਪੀਪਲਜ਼ ਪਾਰਟੀ (ਪੀਪੀਪੀ) ਵੱਲੋਂ ਪਾਕਿਸਤਾਨ ਮੁਸਲਿਮ ਲੀਗ-ਨਵਾਜ਼ (ਪੀਐੱਮ ਐੱਲ-ਐੱਨ) ਨਾਲ ਗੱਠਜੋੜ ਸਰਕਾਰ ਬਣਾਉਣ 'ਤੇ ਸਹਿਮਤ ਹੋਣ ਤੋਂ ਬਾਅਦ ਇਸ ਦੇ ਨੇਤਾ ਆਸਿਫ਼ ਅਲੀ ਜ਼ਰਦਾਰੀ ਦੇ ਦੂਜੀ ਵਾਰ ਦੇਸ਼ ਦੇ ਅਗਲੇ ਰਾਸ਼ਟਰਪਤੀ ਬਣਨ ਦੀ ਸੰਭਾਵਨਾ ਹੈ। ਦਿ ਨਿਊਜ਼ ਇੰਟਰਨੈਸ਼ਨਲ ਨੇ ਸੂਤਰਾਂ ਦੇ ਹਵਾਲੇ ਨਾਲ ਕਿਹਾ ਕਿ ਪੀਐੱਮਐੱਲ-ਐੱਨ ਅਤੇ ਪੀਪੀਪੀ ਵਿਚਾਲੇ ਸਮਝੌਤੇ ਦੀ ਗੱਲਬਾਤ ਸਿਰੇ ਲੱਗਦੀ ਹੈ ਤਾਂ ਪੀਐੱਮਐੱਲ-ਐੱਨ ਤੋਂ ਦੇਸ਼ ਦਾ ਪ੍ਰਧਾਨ ਮੰਤਰੀ ਤੇ ਪੀਪੀਪੀ ਤੋਂ ਰਾਸ਼ਟਰਪਤੀ ਹੋਵੇਗਾ।

## ਪੰਜਾਬ 'ਚ ਵੀ ਕਈ ਇਲਾਕਿਆਂ ਵਿਚ ਇੰਟਰਨੈੱਟ ਸੇਵਾ ਕੀਤੀ ਗਈ ਬੰਦ

ਲੋਕ ਬਾਣੀ/ ਜਲੰਧਰ, ਦੇਵ ਮਹਿਤਾ



ਪੰਜਾਬ ਦੇ ਪਟਿਆਲਾ, ਸੰਗਰੂਰ ਅਤੇ ਫ਼ਤਹਿਗੜ੍ਹ ਸਾਹਿਬ ਜ਼ਿਲ੍ਹਿਆਂ ਦੇ ਕੁਝ ਇਲਾਕਿਆਂ ਵਿਚ ਗ੍ਰਹਿ ਮੰਤਰਾਲੇ ਦੇ ਹੁਕਮਾਂ 'ਤੇ 16 ਫਰਵਰੀ ਰਾਤ 11.59 ਵਜੇ ਤੱਕ ਇੰਟਰਨੈੱਟ ਸੇਵਾਵਾਂ ਮੁਅੱਤਲ ਕਰ ਦਿੱਤੀਆਂ ਗਈਆਂ ਹਨ। ਇਹ ਹੁਕਮ ਕਿਸਾਨਾਂ ਦੇ 'ਦਿੱਲੀ ਚਲੋ' ਮਾਰਚ ਦੇ ਮੱਦੇਨਜ਼ਰ ਦਿੱਤਾ ਗਿਆ ਹੈ। ਮੰਤਰਾਲੇ ਦੇ ਹੁਕਮਾਂ ਅਨੁਸਾਰ ਪਟਿਆਲਾ ਦੇ ਥਾਣਾ ਸ਼ੁਤਰਾਣਾ, ਸਮਾਣਾ, ਘਨੌਰ, ਦੇਵੀਗੜ੍ਹ ਅਤੇ ਬਲਬੇੜਾ ਅਧੀਨ ਖੇਤਰਾਂ, ਸੰਗਰੂਰ ਦੇ ਥਾਣਾ ਖਨੌਰੀ, ਮੂਨਕ, ਲਹਿਰਾ, ਸੁਨਾਮ, ਛਾਜਲੀ ਅਧੀਨ ਖੇਤਰਾਂ ਅਤੇ ਫ਼ਤਹਿਗੜ੍ਹ ਸਾਹਿਬ ਅਧੀਨ ਖੇਤਰਾਂ ਵਿੱਚ ਇੰਟਰਨੈੱਟ 'ਤੇ ਪਾਬੰਦੀ ਰਹੇਗੀ।

## ਭਾਰਤ ਬੰਦ ਦਾ ਸਮਰਥਨ ਕਰਨ ਦਾ ਐਲਾਨ ਕੀਤਾ ਐਸਜੀਪੀਸੀ ਵਲੋਂ

ਲੋਕ ਬਾਣੀ/ ਅਮ੍ਰਿਤਸਰ

-ਸੰਯੁਕਤ ਕਿਸਾਨ ਮੋਰਚਾ ਅਤੇ ਭਾਰਤ ਦੀਆਂ ਕਿਸਾਨ ਜਥੇਬੰਦੀਆਂ ਵਲੋਂ ਕਿਸਾਨੀ ਮੰਗਾਂ ਨੂੰ ਲੈ ਕੇ ਭਲਕੇ 16 ਫ਼ਰਵਰੀ ਨੂੰ ਭਾਰਤ ਬੰਦ ਦੇ ਸੱਦੇ ਦਾ ਸਮਰਥਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਦਫ਼ਤਰ ਅਤੇ ਸਮੂਹ ਵਿਦਿਅਕ ਅਦਾਰੇ ਬੰਦ ਰੱਖਣ ਦਾ ਫ਼ੈਸਲਾ ਕੀਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਕਿਸਾਨ ਦੇਸ਼ ਦੀ ਰੀੜ ਦੀ ਹੱਡੀ ਹਨ, ਜਿਨ੍ਹਾਂ ਵਲੋਂ ਆਪਣੀ ਹੋਂਦ ਹਸਤੀ ਦੀ ਕਾਇਮ ਲਈ ਕੀਤੇ ਜਾ ਰਹੇ ਸੰਘਰਸ਼ ਦਾ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਸਮਰਥਨ ਕਰਦੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਕਿਸਾਨ ਜਥੇਬੰਦੀਆਂ ਵਲੋਂ ਭਲਕੇ 16 ਫ਼ਰਵਰੀ ਨੂੰ ਭਾਰਤ ਬੰਦ ਦੇ ਸੱਦੇ ਤਹਿਤ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਅਤੇ ਹੋਰ ਅਦਾਰੇ ਬੰਦ ਰੱਖੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਇਕੱਲੇ ਕਿਸਾਨਾਂ ਦਾ ਮਾਮਲਾ ਨਹੀਂ ਹੈ ਸਗੋਂ ਦੇਸ਼ ਦੀ ਆਰਥਿਕਤਾ ਅਤੇ ਅੰਨ ਭੰਡਾਰ ਦੀ ਮਜਬੂਤ ਸਥਿਤੀ ਨੂੰ ਪਰਿਭਾਸ਼ਿਤ ਕਰਨ ਦਾ ਆਧਾਰ ਵੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਨੂੰ ਬਿਨਾਂ ਦੇਰੀ ਦੇਸ਼ ਦੇ ਕਿਸਾਨਾਂ ਦੀ ਮੰਗਾਂ ਮੰਨਣੀਆਂ ਚਾਹੀਦੀਆਂ ਹਨ ਤਾਂ ਜੋ ਖੇਤੀ ਸੱਭਿਆਚਾਰ ਨਾਲ ਜੁੜੇ ਹੋਏ ਪੱਖਾਂ ਨੂੰ ਸੁਰੱਖਿਅਤ ਰੱਖਿਆ ਜਾ ਸਕੇ ਤੇ ਕਿਸਾਨ ਖੁਸ਼ਹਾਲ ਹੋਵੇ।

## ਪੰਜਾਬ ਚ ਸੜਕ ਹਾਦਸੇ ਵਿੱਚ ਗਈ ਤਿੰਨ ਨੌਜਵਾਨਾਂ ਦੀ ਜਾਨ

ਲੋਕ ਬਾਣੀ/ ਮਖੂ

ਨੈਸ਼ਨਲ ਹਾਈਵੇ 54 'ਤੇ ਜ਼ੀਰਾ ਤੋਂ ਮਖੂ ਆ ਰਹੀ ਸਵਿਫਟ ਕਾਰ ਨੰਬਰ ਪੀ ਬੀ 29 ਐਕਸ 3133 ਬੇਕਾਬੂ ਹੋ ਕੇ ਕ੍ਰਾਉਨ ਕੈਸਲ ਮੈਰਿਜ ਪੈਲਸ ਖਡੂਰ ਨਜ਼ਦੀਕ ਮਖੂ ਦੀ ਕੰਧ ਨਾਲ ਵੱਜੀ। ਕਾਰ ਵਿਚ ਸਵਾਰ ਤਿੰਨ ਨੌਜਵਾਨਾਂ ਦੀ ਮੌਕੇ 'ਤੇ ਮੌਤ ਹੋ ਗਈ ਅਤੇ ਤਿੰਨ ਨੌਜਵਾਨ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਏ। ਇਨ੍ਹਾਂ ਨੌਜਵਾਨਾਂ ਦੀ ਮੌਤ ਜੁਗਰਾਜ ਸਿੰਘ ਪੁੱਤਰ ਰਛਪਾਲ ਸਿੰਘ ਪਿੰਡ ਧੋਬਾ ਜ਼ਿਲ੍ਹਾ ਅੰਮ੍ਰਿਤਸਰ, ਗੁਰਕੀਰਤ ਸਿੰਘ ਪੁੱਤਰ ਜਤਿੰਦਰ ਸਿੰਘ ਪਿੰਡ ਛੋਟੇਪੁਰ ਜ਼ਿਲ੍ਹਾ ਗੁਰਦਾਸਪੁਰ ਅਤੇ ਵੰਸ਼ਦੀਪ ਪੁੱਤਰ ਜੰਤਿੰਦਰ ਕੁਮਾਰ ਪਿੰਡ ਮਹੱਲਾ ਤੇਰ ਪਤੀ ਤਿਬੜੀ ਜ਼ਿਲ੍ਹਾ ਗੁਰਦਾਸਪੁਰ ਵਜੋਂ ਹੋਈ ਹੈ। ਮੱਖੂ ਦੇ ਥਾਣਾ ਮੁਖੀ ਗੁਰਪ੍ਰੀਤ ਸਿੰਘ ਅਤੇ ਟੀਮ ਮੌਕੇ 'ਤੇ ਪਹੁੰਚ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਲੋਕ ਸਭਾ ਚੋਣਾਂ ਨਹੀਂ ਲੜਣਗੇ ਸੋਨੀਆ ਗਾਂਧੀ

ਲੋਕ ਬਾਣੀ/ ਦਿੱਲੀ

ਕਾਂਗਰਸ ਸੰਸਦੀ ਦਲ ਦੀ ਮੁਖੀ ਸੋਨੀਆ ਗਾਂਧੀ ਨੇ ਆਪਣੇ ਹਲਕੇ ਰਾਏਬਰੇਲੀ ਦੇ ਲੋਕਾਂ ਨੂੰ ਪੱਤਰ ਲਿਖ ਕੇ ਕਿਹਾ ਹੈ ਕਿ ਉਹ ਸਿਹਤ ਅਤੇ ਵਧਦੀ ਉਮਰ ਕਾਰਨ ਆਉਣ ਵਾਲੀਆਂ ਲੋਕ ਸਭਾ ਚੋਣਾਂ ਨਹੀਂ ਲੜਨਗੇ। ਉਨ੍ਹਾਂ ਰਾਏਬਰੇਲੀ ਦੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਵੇਂ ਉਹ ਸਿੱਧੇ ਤੌਰ 'ਤੇ ਉਨ੍ਹਾਂ ਦੀ ਨੁਮਾਇੰਦਗੀ ਨਾ ਕਰਨ ਪਰ ਉਨ੍ਹਾਂ ਦਾ ਦਿਲ ਹਮੇਸ਼ਾ ਉਥੋਂ ਦੇ ਲੋਕਾਂ ਦੇ ਨਾਲ ਰਹੇਗਾ।

## ਵੀਰਵਾਰ ਨੂੰ ਭਾਕਿਯੂ ਏਕਤਾ-ਉਗਰਾਹਾ ਵਲੋਂ ਰੇਲਾਂ ਰੋਕੀਆਂ ਗਈਆਂ ਤੇ ਟੋਲ ਪਲਾਜ਼ਾ ਫ੍ਰੀ ਕਿਤੇ ਗਏ

ਲੋਕ ਬਾਣੀ/ ਲੁਧਿਆਣਾ, ਸੁਖਚੈਨ ਮਹਿਰਾ



ਭਾਕਿਯੂ (ਏਕਤਾ-ਉਗਰਾਹਾਂ) ਅਤੇ ਭਾਕਿਯੂ ਡਕੌਂਦਾ (ਧਨੇਰ) ਵੱਲੋਂ ਰੇਲ ਰੋਕੋ ਦੇ ਸੱਦੇ ਤਹਿਤ ਅੱਜ ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਪੰਜਾਬ ਵਿੱਚ 7 ਥਾਵਾਂ ਉਤੇ ਰੇਲ ਪਟੜੀਆਂ ਉਪਰ ਧਰਨੇ ਦਿੱਤੇ ਗਏ। ਇਹ ਧਰਨੇ ਕਿਸਾਨ ਮੰਗਾਂ ਖਾਤਰ ਸੰਘਰਸ਼ ਲਈ ਦਿੱਲੀ ਜਾ ਰਹੇ ਕਿਸਾਨਾਂ 'ਤੇ ਪੁਲੀਸ ਕਾਰਵਾਈ ਦੇ ਵਿਰੋਧ ਵਿੱਚ ਦਿੱਤੇ ਜਾ ਰਹੇ ਹਨ। ਜਥੇਬੰਦੀ ਦੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਅੱਜ ਇਥੇ ਦੱਸਿਆ ਕਿ ਪੰਜਾਬ ਵਿੱਚ ਜਥੇਬੰਦੀ ਵਲੋਂ ਇਹ ਧਰਨੇ ਮਾਨਸਾ ਸਮੇਤ ਜੇਠੂਕੇ, ਸੁਨਾਮ, ਰਾਜਪੁਰਾ, ਮੋਗਾ, ਮਲੋਊ, ਵੱਲਾ ਫਾਟਕ ਅੰਮ੍ਰਿਤਸਰ ਵਿਖੇ ਅਮਨ ਸ਼ਾਂਤੀ ਪੂਰਵਕ ਦਿੱਤੇ ਗਏ।

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਸੰਯੁਕਤ ਕਿਸਾਨ ਮੋਰਚਾ ਵੱਲੋਂ ਭਾਰਤ ਬੰਦ ਲਈ ਦਿੱਤੀਆਂ ਪੜ੍ਹਨਯੋਗ ਹਦਾਇਤਾਂ, ਪਿੰਡਾਂ 'ਚ ਬੰਦ ਲਈ ਵੀ ਦਿਸ਼ਾ ਨਿਰਦੇਸ਼ ਜਾਰੀ

ਲੋਕ ਬਾਣੀ/ ਚੰਡੀਗੜ੍ਹ

: ਸੰਯੁਕਤ ਕਿਸਾਨ ਮੋਰਚਾ (SKM) ਵੱਲੋਂ 16 ਫਰਵਰੀ ਦਿਨ ਸ਼ੁੱਕਰਵਾਰ ਨੂੰ ਭਾਰਤ ਬੰਦ ਦੀ ਕਾਲ ਦਿੱਤੀ ਗਈ। ਇਸ ਤਹਿਤ ਕਿਸਾਨਾਂ ਵੱਲੋਂ ਪੰਜਾਬ ਵਿੱਚ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ, ਪਿੰਡਾਂ ਵਿੱਚ 16 ਫਰਵਰੀ 2024 ਨੂੰ ਸਵੇਰੇ 6 ਵਜੇ ਤੋਂ ਸ਼ਾਮ 4 ਵਜੇ ਤੱਕ ਬੰਦ ਰਹੇਗਾ। ਸਾਰੀਆਂ ਖੇਤੀਬਾੜੀ ਗਤੀਵਿਧੀਆਂ /ਮਨਰੇਗਾ ਕੰਮਾਂ/ਪੇਂਡੂ ਕੰਮਾਂ ਲਈ ਪਿੰਡ ਬੰਦ ਰਹਿਣਗੇ, ਕੋਈ ਵੀ ਕਿਸਾਨ, ਖੇਤ ਮਜ਼ਦੂਰ ਅਤੇ ਪੇਂਡੂ ਮਜ਼ਦੂਰ ਕੰਮ 'ਤੇ ਨਹੀਂ ਜਾਵੇਗਾ। ਸਬਜ਼ੀਆਂ, ਹੋਰ ਫਸਲਾਂ ਦੀ ਸਪਲਾਈ ਅਤੇ ਖਰੀਦ ਮੁਅੱਤਲ ਰਹੇਗੀ, ਪਿੰਡਾਂ ਦੀਆਂ ਸਾਰੀਆਂ ਦੁਕਾਨਾਂ, ਅਨਾਜ ਮੰਡੀਆਂ, ਸਬਜ਼ੀ ਮੰਡੀਆਂ, ਸਰਕਾਰੀ ਅਤੇ ਗੈਰ-ਸਰਕਾਰੀ ਦਫ਼ਤਰ, ਪੇਂਡੂ ਉਦਯੋਗਿਕ ਅਤੇ ਸੇਵਾ ਖੇਤਰ ਦੇ ਅਦਾਰੇ ਅਤੇ ਨਿੱਜੀ ਖੇਤਰ ਦੇ ਅਦਾਰਿਆਂ ਨੂੰ ਬੰਦ ਰੱਖਣ ਦੀ ਅਪੀਲ ਕੀਤੀ ਜਾਂਦੀ ਹੈ। ਬੰਦ ਦੇ ਸਮੇਂ ਦੌਰਾਨ ਸ਼ਹਿਰਾਂ ਵਿੱਚ ਦੁਕਾਨਾਂ ਅਤੇ ਅਦਾਰੇ ਬੰਦ ਰਹਿਣਗੇ। ਸੜਕਾਂ 'ਤੇ ਆਮ ਪਬਲਿਕ ਅਤੇ ਪ੍ਰਾਈਵੇਟ ਟਰਾਂਸਪੋਰਟ ਨਹੀਂ ਚੱਲੇਗੀ। ਇਹ ਰੂਟ ਐਂਬੂਲੈਂਸ, ਮੌਤ, ਵਿਆਹ, ਮੈਡੀਕਲ ਦੁਕਾਨਾਂ, ਅਖ਼ਬਾਰਾਂ ਦੀ ਸਪਲਾਈ, ਬੋਰਡ ਪ੍ਰੀਖਿਆਵਾਂ, ਹਵਾਈ ਅੱਡੇ ਤੱਕ ਯਾਤਰੀਆਂ ਦੀਆਂ ਐਮਰਜੈਂਸੀ ਸੇਵਾਵਾਂ ਲਈ ਖੋਲ੍ਹਿਆ ਜਾਵੇਗਾ।



ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ਾਲ ਚੱਕਾ ਜਾਮ/ਰਸਤਾ ਰੋਕੋ ਵਿੱਚ ਕਿਸਾਨ ਮਜ਼ਦੂਰ ਅਤੇ ਹੋਰ ਵਰਗ ਸ਼ਮੂਲੀਅਤ ਕਰਨਗੇ। ਤਹਿਸੀਲ ਅਤੇ ਜ਼ਿਲ੍ਹਾ ਕੇਂਦਰਾਂ 'ਤੇ ਵਿਸ਼ਾਲ ਪ੍ਰਦਰਸ਼ਨ/ਰੈਲੀਆਂ ਅਤੇ ਜਨਤਕ ਮੀਟਿੰਗਾਂ ਕੀਤੀਆਂ ਜਾਣਗੀਆਂ, ਜਿੱਥੇ ਕਿਸਾਨ, ਮਜ਼ਦੂਰ ਅਤੇ ਹੋਰ ਵਰਗਾਂ ਦੇ ਲੋਕ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਹਿੱਸਾ ਲੈਣਗੇ।

ਕਿਸਾਨ ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਾਰਪੋਰੇਟ ਲੁੱਟ ਨੂੰ ਖਤਮ ਕਰਨ, ਖੇਤੀ ਨੂੰ ਬਚਾਉਣ ਅਤੇ ਭਾਰਤ ਨੂੰ ਬਚਾਉਣ ਲਈ ਇਤਿਹਾਸਕ ਸੰਘਰਸ਼ ਨੂੰ ਸਫਲ ਬਣਾਉਣ ਲਈ ਸਮਰਥਨ ਅਤੇ ਸਹਿਯੋਗ ਕਰਨ।

# ਲੋਕ ਸਭਾ ਚੋਣਾਂ ਤੋਂ ਪਹਿਲਾਂ ਤ੍ਰਿਣਮੂਲ ਕਾਂਗਰਸ ਨੂੰ ਵੱਡਾ ਝਟਕਾ, MP ਮਿਮੀ ਚੱਕਰਵਰਤੀ ਨੇ ਦਿੱਤਾ ਅਸਤੀਫਾ

ਲੋਕ ਬਾਣੀ/ ਨਵੀਂ ਦਿੱਲੀ



ਦੇਸ਼ ਵਿੱਚ ਕੁਝ ਹੀ ਦਿਨਾਂ ਵਿੱਚ ਲੋਕ ਸਭਾ ਚੋਣਾਂ ਹੋਣ ਜਾ ਰਹੀਆਂ ਹਨ। ਇਸ ਸਬੰਧੀ ਸਾਰੀਆਂ ਸਿਆਸੀ ਪਾਰਟੀਆਂ ਨੇ ਆਪਣੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ।

ਇਸ ਦੌਰਾਨ ਪੱਛਮੀ ਬੰਗਾਲ ਵਿੱਚ ਤ੍ਰਿਣਮੂਲ ਕਾਂਗਰਸ (ਟੀਐਮਸੀ) ਨੂੰ ਵੱਡਾ ਝਟਕਾ ਲੱਗਾ ਹੈ। ਟੀਐਮਸੀ ਸੰਸਦ ਮੈਂਬਰ ਮਿਮੀ ਚੱਕਰਵਰਤੀ ਨੇ ਸੰਸਦ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਉਨ੍ਹਾਂ ਨੇ ਆਪਣਾ ਅਸਤੀਫਾ ਮੁੱਖ ਮੰਤਰੀ ਮਮਤਾ ਬੈਨਰਜੀ ਨੂੰ ਸੌਂਪ ਦਿੱਤਾ ਹੈ। ਬੰਗਾਲੀ ਅਦਾਕਾਰਾ ਮਿਮੀ ਚੱਕਰਵਰਤੀ ਨੇ ਸਾਲ 2019 ਵਿੱਚ ਜਾਦਵਪੁਰ ਸੀਟ ਤੋਂ ਲੋਕ ਸਭਾ ਚੋਣ ਲੜੀ ਸੀ ਅਤੇ ਜਿੱਤੀ ਸੀ। ਮਮਤਾ ਬੈਨਰਜੀ ਨੂੰ ਆਪਣਾ ਅਸਤੀਫਾ ਸੌਂਪਣ ਤੋਂ ਬਾਅਦ ਉਨ੍ਹਾਂ ਕਿਹਾ ਕਿ ਉਹ ਆਪਣੀ ਸੰਸਦੀ ਸੀਟ ਦੀ ਟੀਐਮਸੀ ਲੀਡਰਸ਼ਿਪ ਦੇ ਕੰਮਕਾਜ ਤੋਂ ਨਾਖੁਸ਼ ਹਨ।

ਹਾਲਾਂਕਿ ਉਨ੍ਹਾਂ ਆਪਣਾ ਅਸਤੀਫਾ ਲੋਕ ਸਭਾ ਸਪੀਕਰ ਨੂੰ ਭੇਜਣ ਦੀ ਬਜਾਏ ਸੀਐਮ ਮਮਤਾ ਬੈਨਰਜੀ ਨੂੰ ਭੇਜ ਦਿੱਤਾ ਹੈ। ਅਜਿਹੇ 'ਚ ਇਹ ਉਨ੍ਹਾਂ ਦੇ ਅਸਤੀਫੇ ਦਾ ਮਹਿਜ਼ ਐਲਾਨ ਹੈ, ਇਸ ਨੂੰ ਅਸਤੀਫਾ ਨਹੀਂ ਮੰਨਿਆ ਜਾਵੇਗਾ।

# ਸੰਯੁਕਤ ਕਿਸਾਨ ਮੋਰਚੇ ਵੱਲੋਂ 16 ਫਰਵਰੀ ਨੂੰ ਭਾਰਤ ਬੰਦ ਲਈ ਗਾਈਡਲਾਈਨਜ਼ ਜਾਰੀ

ਲੋਕ ਬਾਣੀ/ ਨਵੀਂ ਦਿੱਲੀ

ਸੰਯੁਕਤ ਕਿਸਾਨ ਮੋਰਚੇ ਐੱਸਕੇਐੱਮ ਨੇ 16 ਫਰਵਰੀ 2024 ਨੂੰ ਗ੍ਰਾਮੀਣ ਬੰਦ ਲਈ ਹੇਠ ਲਿਖੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਐੱਸਕੇਐੱਮ ਦੇਸ਼ ਭਰ ਦੇ ਲੋਕਾਂ ਨੂੰ ਕਾਰਪੋਰੇਟ ਲੁੱਟ ਨੂੰ ਖਤਮ ਕਰਨ ਲਈ, ਖੇਤੀ ਨੂੰ ਬਚਾਉਣ ਲਈ ਅਤੇ ਭਾਰਤ ਨੂੰ ਬਚਾਉਣ ਲਈ ਕੀਤੇ ਜਾ ਰਹੇ ਇਤਿਹਾਸਕ ਸੰਘਰਸ਼ ਨੂੰ ਸਫਲ ਬਣਾਉਣ ਲਈ ਸਮਰਥਨ ਅਤੇ ਸਹਿਯੋਗ ਕਰਨ ਦੀ ਅਪੀਲ ਕਰਦਾ ਹੈ।

16.02.2024 ਨੂੰ ਸਵੇਰੇ 6 ਵਜੇ ਤੋਂ ਸ਼ਾਮ 4 ਵਜੇ ਤੱਕ ਪੇਂਡੂ ਭਾਰਤ ਬੰਦ ਕੀਤਾ ਜਾਵੇਗਾ। ਪਿੰਡ ਦੀਆਂ ਖੇਤੀਬਾੜੀ ਨਾਲ ਸਬੰਧਤ ਸਾਰੀਆਂ ਸਰਗਰਮੀਆਂ, ਮਨਰੇਗਾ ਦੇ ਕੰਮ ਅਤੇ ਹੋਰ ਸਾਰੇ ਪੇਂਡੂ ਕੰਮ ਬੰਦ ਰਹਿਣਗੇ। ਸਾਰੇ ਕਿਸਾਨ, ਖੇਤ ਮਜ਼ਦੂਰ ਅਤੇ ਪੇਂਡੂ ਮਜ਼ਦੂਰ ਆਪੋ ਆਪਣੇ ਕੰਮ ਬੰਦ ਰੱਖਣਗੇ।

ਸਬਜ਼ੀਆਂ ਅਤੇ ਹੋਰ ਫਸਲਾਂ ਦੀ ਸਪਲਾਈ ਅਤੇ ਖਰੀਦ ਬੰਦ ਰਹੇਗੀ। ਪਿੰਡਾਂ ਦੀਆਂ ਸਾਰੀਆਂ ਦੁਕਾਨਾਂ, ਅਨਾਜ ਮੰਡੀਆਂ, ਸਬਜ਼ੀ ਮੰਡੀਆਂ, ਸਰਕਾਰੀ ਅਤੇ ਗੈਰ ਸਰਕਾਰੀ ਦਫਤਰਾਂ, ਪੇਂਡੂ ਉਦਯੋਗਿਕ ਅਤੇ ਸੇਵਾ ਖੇਤਰ ਦੇ ਅਦਾਰੇ ਅਤੇ ਨਿੱਜੀ ਖੇਤਰ ਦੇ ਉਦਯੋਗਾਂ ਨੂੰ ਬੰਦ ਰੱਖਣ ਦੀ ਅਪੀਲ ਕੀਤੀ ਜਾਂਦੀ ਹੈ। ਹੜਤਾਲ ਦੇ ਸਮੇਂ ਲਈ ਸ਼ਹਿਰਾਂ ਦੀਆਂ ਦੁਕਾਨਾਂ ਅਤੇ ਅਦਾਰੇ ਬੰਦ ਰਹਿਣਗੇ। ਆਮ ਪਬਲਿਕ ਅਤੇ ਪ੍ਰਾਈਵੇਟ ਟਰਾਂਸਪੋਰਟ ਸੜਕਾਂ ਤੋਂ ਦੂਰ ਰਹੇਗੀ। ਐਂਬੂਲੈਂਸ, ਮੌਤ, ਵਿਆਹ, ਮੈਡੀਕਲ ਦੁਕਾਨਾਂ, ਅਖਬਾਰਾਂ ਦੀ ਸਪਲਾਈ, ਬੋਰਡ ਪ੍ਰੀਖਿਆਵਾਂ, ਹਵਾਈ ਅੱਡੇ ਤੱਕ ਜਾਣ ਵਾਲੇ ਯਾਤਰੀਆਂ ਵਰਗੀਆਂ ਐਮਰਜੈਂਸੀ ਸੇਵਾਵਾਂ ਨੂੰ ਲੰਘਣ ਦਿੱਤਾ ਜਾਵੇਗਾ। ਕਿਸਾਨ ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ਾਲ ਚੱਕਾ ਜਾਮ/ਰਸਤਾ ਰੋਕੋ/ਸੜਕੀ ਧਰਨਿਆਂ ਵਿੱਚ ਸ਼ਾਮਲ ਹੋਣਗੇ।




ਵਿਸ਼ਾਲ ਪ੍ਰਦਰਸ਼ਨ/ਰੈਲੀਆਂ ਅਤੇ ਜਨਤਕ ਮੀਟਿੰਗਾਂ ਤੋਂ ਬਾਅਦ ਪਿੰਡ, ਤਹਿਸੀਲ ਅਤੇ ਜ਼ਿਲ੍ਹਾ ਕੇਂਦਰਾਂ 'ਤੇ ਸੱਭਿਆਚਾਰਕ ਪ੍ਰੋਗਰਾਮਾਂ ਵਿੱਚ ਕਿਸਾਨ, ਮਜ਼ਦੂਰ ਅਤੇ ਹੋਰ ਸਾਰੇ ਵਰਗਾਂ ਦੇ ਲੋਕ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਸ਼ਾਮਲ ਹੋਣਗੇ।

# ਪੰਜਾਬ 'ਚ SGPC ਦੇ ਵਿਦਿਅਕ ਅਦਾਰਿਆਂ ਅਤੇ ਦਫ਼ਤਰਾਂ 'ਚ 16 ਫਰਵਰੀ ਦੀ ਛੁੱਟੀ ਦਾ ਐਲਾਨ

ਲੋਕ ਬਾਣੀ/ ਅੰਮ੍ਰਿਤਸਰ

ਸੰਯੁਕਤ ਕਿਸਾਨ ਮੋਰਚਾ ਅਤੇ ਭਾਰਤ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਕਿਸਾਨੀ ਮੰਗਾਂ ਨੂੰ ਲੈ ਕੇ ਭਲਕੇ 16 ਫ਼ਰਵਰੀ ਨੂੰ ਭਾਰਤ ਬੰਦ ਦੇ ਸੱਦੇ ਦਾ ਸਮਰਥਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਦਫ਼ਤਰ ਅਤੇ ਸਮੂਹ ਵਿਦਿਅਕ ਅਦਾਰਿਆਂ ਵਿਚ 16 ਫਰਵਰੀ ਦੀ ਛੁੱਟੀ ਦਾ ਐਲਾਨ ਕੀਤਾ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਕਿਸਾਨ ਦੇਸ਼ ਦੀ ਰੀੜ ਦੀ ਹੱਡੀ ਹਨ, ਜਿਨ੍ਹਾਂ ਵੱਲੋਂ ਆਪਣੀ ਹੋਂਦ ਹਸਤੀ ਦੀ ਕਾਇਮੀ ਲਈ ਕੀਤੇ ਜਾ ਰਹੇ ਸੰਘਰਸ਼ ਦਾ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਸਮਰਥਨ ਕਰਦੀ ਹੈ।

ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਭਲਕੇ 16 ਫ਼ਰਵਰੀ ਨੂੰ ਭਾਰਤ ਬੰਦ ਦੇ ਸੱਦੇ ਤਹਿਤ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਅਤੇ ਹੋਰ ਅਦਾਰੇ ਬੰਦ ਰੱਖੇ ਜਾਣਗੇ।

ਉਨ੍ਹਾਂ ਕਿਹਾ ਕਿ ਇਹ ਇਕੱਲੇ ਕਿਸਾਨਾਂ ਦਾ ਮਾਮਲਾ ਨਹੀਂ ਹੈ ਸਗੋਂ ਦੇਸ਼ ਦੀ ਆਰਥਿਕਤਾ ਅਤੇ ਅੰਨ ਭੰਡਾਰ ਦੀ ਮਜਬੂਤ ਸਥਿਤੀ ਨੂੰ ਪਰਿਭਾਸ਼ਿਤ ਕਰਨ ਦਾ ਅਧਾਰ ਵੀ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਨੂੰ ਬਿਨਾਂ ਦੇਰੀ ਦੇਸ਼ ਦੇ ਕਿਸਾਨਾਂ ਦੀ ਮੰਗਾਂ ਮੰਨਣੀਆਂ ਚਾਹੀਦੀਆਂ ਹਨ ਤਾਂ ਜੋ ਖੇਤੀ ਸੱਭਿਆਚਾਰ ਨਾਲ ਜੁੜੇ ਹੋਏ ਪੱਖਾਂ ਨੂੰ ਸੁਰੱਖਿਅਤ ਰੱਖਿਆ ਜਾ ਸਕੇ ਤੇ ਕਿਸਾਨ ਖੁਸ਼ਹਾਲ ਹੋਵੇ।

# ਸਮੂਹ ਜਨਤਕ ਜਥੇਬੰਦੀਆਂ ਦੇ ਸੱਦੇ ਤੇ ਅੱਜ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਸਾਰੀਆਂ ਤਿਆਰੀਆਂ ਮੁਕੰਮਲ

## ਸਭ ਕੁੱਝ ਬੰਦ ਕਰਕੇ ਬੱਬਰੀ ਬਾਈ ਪਾਸ ਨੇੜੇ ਧਰਨੇ ਤੇ ਪਹੁੰਚਣ ਦੀ ਕੀਤੀ ਅਪੀਲ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ

– ਸੰਯੁਕਤ ਕਿਸਾਨ ਮੋਰਚੇ ਅਤੇ ਕੇਂਦਰੀ ਟ੍ਰੇਡ ਯੂਨੀਅਨਾਂ ਦੇ ਸੱਦੇ ਤੇ ਸਮੁਚੇ ਭਾਰਤ ਬੰਦ ਨੂੰ ਸਫਲ ਬਣਾਉਣ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। 16 ਫਰਵਰੀ ਨੂੰ ਸਾਰੇ ਅਦਾਰੇ, ਦੁਕਾਨਾਂ, ਰੇੜੀਆਂ, ਬੈਂਕ, ਬੰਦ ਕਰ ਕੇ 11 ਵਜੇ ਬੱਬਰੀ ਬਾਈ ਪਾਸ ਤੇ ਨੈਸ਼ਨਲ ਹਾਈਵੇ ਜਾਮ ਕੀਤਾ ਜਾਵੇਗਾ। ਇਸ ਸਬੰਧੀ ਅੱਜ ਟੋਲ ਪਲਾਜ਼ਾ ਕਾਹਲਵਾਂ ਬੰਦ ਕਰ ਕੇ ਹਰਿਆਣਾ ਸਰਕਾਰ ਵੱਲੋਂ ਪੰਜਾਬ ਹਰਿਆਣਾ ਦੀ ਹੱਦ ਤੇ ਕੀਤੀ ਅਣਮਨੁੱਖੀ ਵਰਤਾਰਿਆਂ ਦਾ ਰੋਸ ਪ੍ਰਗਟ ਕੀਤਾ ਗਿਆ ਅਤੇ ਲੋਕਾਂ ਨੂੰ 16 ਫਰਵਰੀ ਨੂੰ ਬੰਦ ਰੱਖਣ ਲਈ ਅਪੀਲ ਕੀਤੀ ਗਈ। ਇਸ ਸਬੰਧੀ ਜਾਗਰੂਕ ਕਰਨ ਲਈ ਪਿੰਡਾਂ ਸ਼ਹਿਰਾਂ ਵਿੱਚ ਬਕਾਇਦਾ ਮੁਨਿਆਦੀ ਕਰਵਾਈ ਗਈ। ਕੇਂਦਰ ਸਰਕਾਰ ਵੱਲੋਂ ਕਿਸਾਨ ਅੰਦੋਲਨ ਸਮੇਂ ਮੰਨੀਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਗਿਆ। ਸ਼ਾਂਤਮਈ ਰੂਪ ਵਿੱਚ ਦਿੱਲੀ ਜਾ ਰਹੇ ਕਿਸਾਨਾਂ ਉਪਰ ਗੋਲੀਆਂ, ਅੱਥਰੂ ਗੈਸ ਅਤੇ ਕੈਮੀਕਲ ਯੁਕਤ ਪਾਣੀ ਦੀਆਂ ਬੁਛਾੜਾਂ ਮਾਰਕੇ ਦਿੱਲੀ ਜਾਣ ਤੋਂ ਰੋਕਿਆ ਜਾ ਰਿਹਾ ਹੈ ਪੰਜਾਬ ਦੀਆਂ ਸਾਰੀਆਂ ਟਰੇਡ ਯੂਨੀਅਨਾਂ, ਮੁਲਾਜ਼ਮ ਜਥੇਬੰਦੀਆਂ ਵੱਲੋਂ ਹੜਤਾਲ ਵਿੱਚ ਸ਼ਾਮਲ ਹੋਣ ਲਈ ਆਪਣੇ ਅਧਿਕਾਰੀਆਂ ਨੂੰ ਨੋਟਿਸ ਭੇਜੇ ਹਨ। ਅਧਿਆਪਕ ਜਥੇਬੰਦੀਆਂ ਵੱਲੋਂ ਇਸ ਹੜਤਾਲ ਵਿੱਚ ਸ਼ਾਮਲ ਹੋਣ ਲਈ ਬਾਕਾਇਦਾ ਆਪਣੇ ਹਾਜ਼ਰੀ ਰਜਿਸਟਰ ਵਿੱਚ ਹੜਤਾਲ ਭਰ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਜਿਸ ਨੂੰ ਲਾਗੂ ਕਰਨ ਲਈ ਵੱਡੀ ਗਿਣਤੀ ਵਿਚ ਜੁਝਾਰੂ ਅਧਿਆਪਕ ਅੱਗੇ ਆ ਰਹੇ ਹਨ। ਆਸ਼ਾ ਵਰਕਰਾਂ, ਮਿਡ ਡੇ ਮੀਲ ਕੁੱਕ ਬੀਬੀਆਂ, ਆਂਗਣਵਾੜੀ ਵਰਕਰਾਂ ਅਤੇ ਹੋਰ ਕੱਚੇ ਮੁਲਾਜ਼ਮਾਂ ਵੱਲੋਂ ਵੀ ਇਸ ਹੜਤਾਲ ਵਿੱਚ ਸ਼ਾਮਲ ਹੋਣ ਦੀਆਂ ਤਿਆਰੀਆਂ ਮੁਕੰਮਲ ਕੀਤੀਆਂ ਹਨ। ਗੁਰਦਾਸਪੁਰ ਸ਼ਹਿਰ ਵਿਚ ਮੱਖਣ ਕੁਹਾੜ, ਅਮਰਜੀਤ ਸ਼ਾਸਤਰੀ, ਕਪੂਰ ਸਿੰਘ ਘੁੰਮਣ, ਪਲਵਿੰਦਰ ਸਿੰਘ ਅਤੇ ਹੋਰ ਆਗੂਆਂ ਨੇ ਹੱਥ ਪਰਚਾ ਵੰਡ ਕੇ ਬੰਦ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।



# BJP: ਕਾਂਗਰਸ ਦੇ ਸੀਨੀਅਰ ਲੀਡਰ ਤੇ ਸਾਬਕਾ ਮੁੱਖ ਮੰਤਰੀ ਭਾਜਪਾ 'ਚ ਸ਼ਾਮਲ

ਲੋਕ ਬਾਣੀ/ ਨਵੀਂ ਦਿੱਲੀ



ਮਹਾਰਾਸ਼ਟਰ ਦੇ ਸਾਬਕਾ ਮੁੱਖ ਮੰਤਰੀ ਅਸ਼ੋਕ ਚਵਾਨ ਮੰਗਲਵਾਰ ਨੂੰ ਭਾਜਪਾ ਵਿੱਚ ਸ਼ਾਮਲ ਹੋ ਗਏ। ਚਵਾਨ ਨੇ ਇਕ ਦਿਨ ਪਹਿਲਾਂ ਹੀ ਕਾਂਗਰਸ ਤੋਂ ਅਸਤੀਫਾ ਦੇ ਦਿੱਤਾ ਸੀ। ਦੱਸਿਆ ਜਾ ਰਿਹਾ ਹੈ ਕਿ ਉਹ ਮਹਾਰਾਸ਼ਟਰ ਕਾਂਗਰਸ ਨੇਤਾ ਨਾਨਾ ਪਟੋਲੇ ਤੋਂ ਨਾਰਾਜ਼ ਸਨ।

ਚਵਾਨ ਦੁਪਹਿਰ ਕਰੀਬ 1 ਵਜੇ ਭਾਜਪਾ ਦੇ ਮੁੰਬਈ ਦਫਤਰ ਪਹੁੰਚੇ। ਇੱਥੇ ਉਪ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ ਮੌਜੂਦਗੀ ਵਿੱਚ ਭਾਜਪਾ ਦੀ ਮੈਂਬਰਸ਼ਿਪ ਲਈ। ਇਸ ਮੌਕੇ ਭਾਜਪਾ ਦੇ ਹੋਰ ਸੀਨੀਅਰ ਆਗੂ ਵੀ ਮੌਜੂਦ ਸਨ।

ਸੂਤਰਾਂ ਦੀ ਮੰਨੀਏ ਤਾਂ ਭਾਜਪਾ ਚਵਾਨ ਨੂੰ ਰਾਜ ਸਭਾ ਭੇਜਣ ਦੀ ਤਿਆਰੀ ਕਰ ਰਹੀ ਹੈ। ਇੰਨਾ ਹੀ ਨਹੀਂ ਦੇਵੇਂਦਰ ਫੜਨਵੀਸ ਨੇ ਅਸ਼ੋਕ ਚਵਾਨ ਦੇ ਅਸਤੀਫੇ ਤੋਂ ਬਾਅਦ ਦਾਅਵਾ ਕੀਤਾ ਸੀ ਕਿ ਕਾਂਗਰਸ ਦੇ ਕਈ ਹੋਰ ਵਿਧਾਇਕ ਪਾਰਟੀ ਛੱਡ ਸਕਦੇ ਹਨ।

# PSEB ਨੇ 16 ਫਰਵਰੀ ਨੂੰ ਹੋਣ ਵਾਲੀ ਪ੍ਰੀਖਿਆ ਨਹੀਂ ਕੀਤੀ ਰੱਦ, ਜਾਰੀ ਕੀਤਾ ਸਪੱਸ਼ਟੀਕਰਨ

ਲੋਕ ਬਾਣੀ/ ਚੰਡੀਗੜ੍ਹ-

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਲੋਂ 16 ਫਰਵਰੀ ਨੂੰ ਹੋਣ ਵਾਲੀ ਪ੍ਰੀਖਿਆ ਨੂੰ ਰੱਦ ਕਰਨ ਦੀ ਬਿਜਾਏ, ਐਡਵਾਈਜ਼ਰੀ ਜਾਰੀ ਕਰ ਦਿੱਤੀ ਗਈ ਹੈ। ਬੋਰਡ ਵਲੋਂ ਜਾਰੀ ਕੀਤੇ ਗਏ ਇੱਕ ਸਪੱਸ਼ਟੀਕਰਨ ਵਿਚ ਦੱਸਿਆ ਗਿਆ ਹੈ ਕਿ, ਦਸਵੀਂ ਅਤੇ ਬਾਰਵੀਂ ਬੋਰਡ ਦੀਆਂ ਸਲਾਨਾ ਪ੍ਰੀਖਿਆਵਾਂ ਮਿਤੀ 13 ਫਰਵਰੀ 2024 ਤੋਂ ਸ਼ੁਰੂ ਹੋ ਚੁੱਕੀਆਂ ਹਨ। ਬੋਰਡ ਨੇ ਅੱਗੇ ਲਿਖਿਆ ਕਿ, 16 ਫਰਵਰੀ 2024 ਨੂੰ ਭਾਰਤ ਬੰਦ ਦੇ ਸੱਦੇ ਦੇ ਮੱਦੇਨਜ਼ਰ ਸਮੂਹ ਪ੍ਰੀਖਿਆਰਥੀਆਂ ਅਤੇ ਮਾਪਿਆਂ ਨੂੰ ਸਲਾਹ ਦਿੱਤੀ ਜਾਂਦੀ ਹੈ, ਕਿ ਉਹ ਆਪੋ ਆਪਣੇ ਪ੍ਰੀਖਿਆ ਕੇਂਦਰਾਂ ਵਿੱਚ ਪ੍ਰੀਖਿਆ ਸ਼ੁਰੂ ਹੋਣ ਤੋਂ ਘੱਟੋਂ ਘੱਟ ਇੱਕ ਘੰਟਾ ਪਹਿਲਾਂ ਪਹੁੰਚਣ ਤਾਂ ਜੋ ਭਾਰਤ ਬੰਦ ਦੇ ਦਿੱਤੇ ਸੱਦੇ ਕਾਰਨ ਜੇਕਰ ਆਵਾਜਾਈ ਪ੍ਰਭਾਵਿਤ ਹੁੰਦੀ ਹੈ ਤਾਂ, ਉਸਦਾ ਅਸਰ ਉਨ੍ਹਾਂ ਦੇ ਇਮਤਿਹਾਰ ਤੇ ਨਾ ਪਵੇ। ਦੱਸ ਦਈਏ ਕਿ, ਪਿਛਲੇ ਕਈ ਦਿਨਾਂ ਤੋਂ ਅਧਿਆਪਕ ਜਥੇਬੰਦੀਆਂ ਦੇ ਵਲੋਂ ਮੰਗ ਜਾ ਰਹੀ ਹੈ ਕਿ, ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 16 ਫਰਵਰੀ ਨੂੰ ਲਈ ਜਾ ਰਹੀ ਪ੍ਰੀਖਿਆ ਨੂੰ ਅੱਗੇ ਪਾਇਆ ਜਾਵੇ, ਪਰ ਹੁਣ ਬੋਰਡ ਨੇ ਸਪੱਸ਼ਟ ਕਰ ਦਿੱਤਾ ਹੈ ਕਿ, ਪ੍ਰੀਖਿਆ ਰੱਦ ਨਹੀਂ ਕੀਤੀ ਜਾਵੇਗੀ।

# ਸੜਕੀ ਹਾਦਸਿਆਂ ਨੂੰ ਠੱਲ੍ਹ ਪਾਉਣ ਲਈ ਟਰੈਫ਼ਿਕ ਨਿਯਮਾਂ ਦੀ ਪਾਲਣਾ ਜ਼ਰੂਰੀ : ਆਰ.ਟੀ.ਓ.

## ਤੇਜ਼ ਰਫ਼ਤਾਰ ਵਾਹਨ ਚਲਾਉਣ ਤੇ ਟਰੈਫ਼ਿਕ ਨਿਯਮਾਂ ਦੀ ਉਲੰਘਣਾ ਪ੍ਰਤੀ ਸੁਚੇਤ ਹੋਣ ਲੋਕ, ਸੜਕ ਸੁਰੱਖਿਆ ਮਹੀਨੇ ਸਬੰਧੀ ਜ਼ਿਲ੍ਹੇ ਵਿੱਚ ਕਰਵਾਈਆਂ ਗਈਆਂ ਵੱਖ-ਵੱਖ ਗਤੀਵਿਧੀਆਂ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ -

ਰੋਜ਼ਾਨਾ ਹੁੰਦੇ ਸੜਕੀ ਹਾਦਸਿਆਂ ਨੂੰ ਠੱਲ੍ਹ ਪਾਉਣਾ ਅੱਜ ਦੇ ਸਮੇਂ ਦੀ ਵੱਡੀ ਲੋੜ ਹੈ ਕਿਉਂਕਿ ਵਧੇਰੇ ਸੜਕੀ ਹਾਦਸੇ ਇਸ ਲਈ ਹੀ ਵਾਪਰਦੇ ਹਨ ਕਿ ਵਾਹਨ ਚਾਲਕ ਟਰੈਫ਼ਿਕ ਨਿਯਮਾਂ ਦੀ ਸਹੀ ਢੰਗ ਨਾਲ ਪਾਲਣਾ ਨਹੀਂ ਕਰਦੇ। ਇਸ ਲਈ ਇਹ ਜ਼ਰੂਰੀ ਹੈ ਕਿ ਵਾਹਨ ਚਲਾਉਂਦੇ ਸਮੇਂ ਟਰੈਫ਼ਿਕ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ ਤਾਂ ਜੋ ਸੜਕੀ ਹਾਦਸਿਆਂ ਵਿੱਚ ਜਾਂਦੀਆਂ ਅਨਮੋਲ ਮਨੁੱਖੀ ਜਾਨਾਂ ਨੂੰ ਬਚਾਇਆ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਰਿਜਨਲ ਟਰਾਂਸਪੋਰਟ ਅਫ਼ਸਰ, ਗੁਰਦਾਸਪੁਰ ਸ਼੍ਰੀ ਦਵਿੰਦਰ ਕੁਮਾਰ ਨੇ ਪੰਜਾਬ ਸਰਕਾਰ ਵੱਲੋਂ ਮਨਾਏ ਗਏ ਸੜਕ ਸੁਰੱਖਿਆ ਮਹੀਨੇ ਸਬੰਧੀ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਟਰੈਫ਼ਿਕ ਨਿਯਮਾਂ ਦੀ ਪਾਲਣਾ ਲਈ ਸੁਚੇਤ ਹੋਣਾ ਚਾਹੀਦਾ ਹੈ ਅਤੇ ਤੈਅ ਕੀਤੀ ਗਈ ਰਫ਼ਤਾਰ ਤੋਂ ਵੱਧ ਰਫ਼ਤਾਰ ਵਿੱਚ ਵਾਹਨ ਨਹੀਂ ਚਲਾਉਣੇ ਚਾਹੀਦੇ ਕਿਉਂਕਿ ਵੱਧ ਰਫ਼ਤਾਰ ਵਿੱਚ ਵਾਹਨ ਚਲਾਉਣ ਕਾਰਨ ਵੀ ਅਕਸਰ ਹਾਦਸੇ ਵਾਪਰ ਜਾਂਦੇ ਹਨ।

ਰਿਜਨਲ ਟਰਾਂਸਪੋਰਟ ਅਫ਼ਸਰ ਨੇ ਕਿਹਾ ਕਿ ਸਰਕਾਰ ਵੱਲੋਂ ਸੜਕ ਹਾਦਸਿਆਂ ਦੇ ਸ਼ਿਕਾਰ ਵਿਅਕਤੀਆਂ ਨੂੰ ਹਸਪਤਾਲਾਂ ਤੱਕ ਪਹੁੰਚਾਉਣ ਵਾਸਤੇ ਤਾਇਨਾਤ ਕੀਤੀ ਗਈ ਸੜਕ ਸੁਰੱਖਿਆ ਫੋਰਸ ਵੱਲੋਂ ਵੀ ਦੁਰਘਟਨਾਵਾਂ ਵਿੱਚ ਜ਼ਖ਼ਮੀ ਹੋਏ ਵਿਅਕਤੀਆਂ ਨੂੰ ਹਸਪਤਾਲਾਂ ਤੱਕ ਪਹੁੰਚਾਉਣ ਲਈ ਸ਼ਲਾਘਾਯੋਗ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਉਨ੍ਹਾਂ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਸੜਕੀ ਹਾਦਸਿਆਂ ਨੂੰ ਠੱਲ੍ਹ ਪਾਉਣ ਲਈ ਆਪਣੇ ਛੋਟੇ ਬੱਚਿਆਂ ਨੂੰ ਕਿਸੇ ਵੀ ਕਿਸਮ ਦਾ ਵਾਹਨ ਚਲਾਉਣ ਦੀ ਆਗਿਆ ਨਾ ਦਿੱਤੀ ਜਾਵੇ ਅਤੇ ਟਰੈਫ਼ਿਕ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਆਪਣੇ ਆਲ਼ੇ ਦੁਆਲੇ ਦੇ ਲੋਕਾਂ ਨੂੰ ਵੀ ਜਾਗਰੂਕ ਕੀਤਾ ਜਾਵੇ ਤਾਂ ਜੋ ਅਨਮੋਲ ਮਨੁੱਖੀ ਜਾਨਾਂ ਬਚਾਈਆਂ ਜਾ ਸਕਣ। ਸੜਕ ਸੁਰੱਖਿਆ ਮਹੀਨੇ ਸਬੰਧੀ ਰਿਜਨਲ ਟਰਾਂਸਪੋਰਟ ਅਫ਼ਸਰ ਸ਼੍ਰੀ ਦਵਿੰਦਰ ਕੁਮਾਰ ਨੇ ਦੱਸਿਆ ਕਿ ਸੜਕ ਸੁਰੱਖਿਆ ਮਹੀਨੇ ਸਬੰਧੀ ਵੱਖ-ਵੱਖ ਥਾਵਾਂ ਤੇ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਆਵਾਜਾਈ ਨਿਯਮਾਂ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਵਾਹਨਾਂ ਉੱਪਰ ਰਿਫਲੈਕਟਿੰਗ ਟੇਪਾਂ ਲਗਾਈਆਂ ਗਈਆਂ ਤਾਂ ਜੋ ਰਾਤ ਸਮੇਂ ਹੋਣ ਵਾਲੇ ਹਾਦਸਿਆਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਮੈਡੀਕਲ ਕੈਂਪ ਲਗਾ ਕੇ ਟਰਾਂਸਪੋਰਟਰ ਤੇ ਟਰੱਕ ਯੂਨੀਅਨਾਂ ਦੇ ਡਰਾਈਵਰਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ ਗਿਆ ਅਤੇ ਉਨ੍ਹਾਂ ਨੂੰ ਸੜਕ ਸੁਰੱਖਿਆ ਸਬੰਧੀ ਸਾਹਿਤ ਵੀ ਵੰਡਿਆ ਗਿਆ। ਇਸ ਤੋਂ ਇਲਾਵਾ ਟਰੈਫ਼ਿਕ ਨਿਯਮਾਂ ਦੀ ਜਾਣਕਾਰੀ ਦੇਣ ਲਈ ਵਿਸ਼ੇਸ਼ ਸੈਮੀਨਾਰ ਵੀ ਲਗਾਏ ਗਏ।

# ਗੁਰਦਾਸਪੁਰ, ਅੰਮ੍ਰਿਤਸਰ ਤੇ ਪਠਾਨਕੋਟ ਦੇ ਨੌਜਵਾਨ 21 ਮਾਰਚ 2024 ਤੱਕ ਕਰਨ ਅਪਲਾਈ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ -




ਭਾਰਤੀ ਫ਼ੌਜ ਵਿੱਚ ਅਗਨੀਪੱਥ ਯੋਜਨਾ ਦੇ ਤਹਿਤ ਭਰਤੀ ਹੋਣ ਦੇ ਚਾਹਵਾਨ ਨੌਜਵਾਨ 21 ਮਾਰਚ 2024 ਤੱਕ joinindianarmy.nic.in ਪੋਰਟਲ ‘ਤੇ ਆਨਲਾਈਨ ਅਪਲਾਈ ਕਰ ਸਕਦੇ ਹਨ। ਇਹ ਪੋਰਟਲ 8 ਫਰਵਰੀ 2024 ਤੋਂ ਖੁੱਲ੍ਹਾ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੰਮ੍ਰਿਤਸਰ ਸਥਿਤ ਸੈਨਾ ਭਰਤੀ ਬੋਰਡ ਦੇ ਡਾਇਰੈਕਟਰ ਕਰਨਲ ਚੇਤਨ ਪਾਂਡੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਰਤੀ ਸਾਲ 2024-25 ਦੇ ਲਈ ਅਗਨੀਵੀਰ ਦੀ ਭਰਤੀ ਦੋ ਪੜ੍ਹਾਵਾਂ ਵਿੱਚ ਕੀਤੀ ਜਾਵੇਗੀ। ਪਹਿਲੇ ਪੜਾਅ ਤਹਿਤ ਆਨ-ਲਾਈਨ ਕੰਪਿਊਟਰ ਅਧਾਰਿਤ ਲਿਖਤੀ ਪ੍ਰੀਖਿਆ (ਆਨਲਾਈਨ ਸੀ.ਈ.ਈ.) ਅਤੇ ਦੂਜੇ ਪੜਾਅ ਵਿੱਚ ਸਰੀਰਕ ਪ੍ਰੀਖਿਆ ਹੋਵੇਗੀ। ਭਰਤੀ ਦੇ ਚਾਹਵਾਨ ਉਮੀਦਵਾਰ ਦੇ ਲਈ ਆਪਣਾ ਨਾਮ joinindianarmy.nic.in ਵੈੱਬਸਾਈਟ ‘ਤੇ ਰਜਿਸਟਰ ਕਰਨਾ ਲਾਜ਼ਮੀ ਹੈ। ਆਨਲਾਈਨ ਪ੍ਰੀਖਿਆ ਦੇ ਲਈ ਉਮੀਦਵਾਰ ਦੁਆਰਾ ਪ੍ਰੀਖਿਆ ਫ਼ੀਸ 250 ਦਾ ਭੁਗਤਾਨ ਕਰਨਾ ਹੋਵੇਗਾ। ਕਰਨਲ ਚੇਤਨ ਪਾਂਡੇ ਨੇ ਦੱਸਿਆ ਕਿ ਗੁਰਦਾਸਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਜ਼ਿਲ੍ਹੇ ਦੇ ਜਿਨ੍ਹਾਂ ਨੌਜਵਾਨਾਂ ਦੀ ਉੱਪਰ 17 ਸਾਲ 6 ਮਹੀਨੇ ਤੋਂ 21 ਸਾਲ ਦੇ ਦਰਮਿਆਨ ਹੈ ਅਤੇ ਉਨ੍ਹਾਂ ਨੇ 8ਵੀਂ, 10ਵੀਂ ਜਾਂ 12ਵੀਂ ਪ੍ਰੀਖਿਆ ਪਾਸ ਕੀਤੀ ਹੈ ਅਤੇ ਉਹ ਉਮੀਦਵਾਰ ਜੋ ਕਲਾਸ 10ਵੀਂ ਅਤੇ ਕਲਾਸ 12ਵੀਂ ਵਿੱਚ ਉਪਸਥਿਤ ਹੋਏ ਹਨ ਅਤੇ ਉਹ ਨਤੀਜੇ ਦੀ ਉਡੀਕ ਕਰ ਰਹੇ ਹਨ, ਉਹ ਨੌਜਵਾਨ ਵੀ ਅਪਲਾਈ ਕਰਨ ਦੇ ਯੋਗ ਹਨ, ਬਸ਼ਰਤੇ ਉਹ ਬਾਕੀ ਸਾਰੀਆਂ ਯੋਗਤਾ ਵੀ ਪੂਰੀਆਂ ਕਰਦੇ ਹੋਣ। ਉਨ੍ਹਾਂ ਅੱਗੇ ਦੱਸਿਆ ਕਿ ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਲਿਪਕਿ ਅਤੇ ਸਟੋਰ ਤਕਨੀਕੀ, ਅਗਨੀਵੀਰ ਤਕਨੀਕੀ, ਅਗਨੀਵੀਰ ਟ੍ਰੇਡਰਸਮੈਨ 10ਵੀਂ ਪਾਸ ਅਤੇ ਅਗਨੀਵੀਰ ਟਰੇਡ ਮੈਨ 8ਵੀਂ ਪਾਸ ਦੇ ਅਹੁਦੇ ਲਈ ਸਾਰੇ ਆਰਮ ਫੋਰਸ ਦੇ ਲਈ ਹਨ। ਜਿਨ੍ਹਾਂ ਉਮੀਦਵਾਰਾਂ ਨੇ ਘੱਟੋ-ਘੱਟ ਵਿੱਦਿਅਕ ਅਤੇ ਉਮਰ ਹੱਦ ਦੀ ਯੋਗਤਾ ਪੂਰੀ ਕਰ ਰੱਖੀ ਹੈ ਉਹ ਇਸ ਯੋਜਨਾ ਦੇ ਤਹਿਤ ਆਪਣੇ ਆਵੇਦਨ ਅਪਲਾਈ ਕਰ ਸਕਦੇ ਹਨ। ਸੈਨਾ ਭਰਤੀ ਬੋਰਡ ਦੇ ਡਾਇਰੈਕਟਰ ਕਰਨਲ ਚੇਤਨ ਪਾਂਡੇ ਨੇ ਦੱਸਿਆ ਕਿ ਭਰਤੀ ਸਾਲ 2024-25 ਤੋਂ ਅਗਨੀਵੀਰ ਲਿਪਿਕ ਅਤੇ ਸਟੋਰ ਕੀਪਰ ਤਕਨੀਕੀ ਦੇ ਲਈ ਟਾਈਪਿੰਗ ਟੈੱਸਟ ਲਾਜ਼ਮੀ ਕੀਤਾ ਗਿਆ ਹੈ। ਉਮੀਦਵਾਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਭਰਤੀ ਪ੍ਰੀਕ੍ਰਿਆ ਤੋਂ ਪਹਿਲਾਂ ਟਾਈਪਿੰਗ ਅਭਿਆਸ ਜ਼ਰੂਰ ਕਰਦੇ ਰਹਿਣ। ਕਰਨਲ ਪਾਂਡੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਮੀਦਵਾਰ ਰਜਿਸਟਰੇਸ਼ਨ ਤੋਂ ਪਹਿਲਾਂ ਆਪਣੇ ਅਧਾਰ ਕਾਰਡ, ਈ-ਮੇਲ ਅਤੇ ਡੀਜੀ ਲਾਕਰ ਨੂੰ ਆਪਣੇ ਫ਼ੋਨ ਨੰਬਰ ਨਾਲ ਲਿੰਕ ਕਰ ਲੈਣ ਰਜਿਸਟਰੇਸ਼ਨ ਦੇ ਦੌਰਾਨ ਜੋ ਦਸਤਾਵੇਜ਼ ਉਨ੍ਹਾਂ ਕੋਲ ਹਨ ਉਹ ਹੀ ਪਾਏ ਜਾਣ ਜਿਵੇਂ ਐੱਨ.ਸੀ.ਸੀ. ਸਰਟੀਫਿਕੇਟ ਜਾਂ ਵੈਲਡ ਸਪੋਰਟਸ ਫੈਡਰੇਸ਼ਨ ਤੋਂ ਪ੍ਰਾਪਤ ਸਪੋਰਟਸ ਸਰਟੀਫਿਕੇਟ ਹਨ ਤਾਂ ਹੀ ਰਜਿਸਟਰੇਸ਼ਨ ਐਪਲੀਕੇਸ਼ਨ ਵਿੱਚ ਭਰੇ ਜਾਣ।




ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਿਤ ਭਾਰ ਤੋਲਕ ਹਰਪ੍ਰੀਤ ਸਿੰਘ ਲੱਕੀ ਵਲੋਂ ਜਰਮਨ ਵਿਖੇ ਕੌਮਾਂਤਰੀ ਪੱਧਰ ਤੇ ਚਾਂਦੀ ਦਾ ਤਗਮਾ ਜਿੱਤਣ ਤੋਂ ਬਾਅਦ ਜਿਲ੍ਹਾ ਰੂਪਨਗਰ ਦੀ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵਲੋਂ ਉਹਨਾ ਦਾ ਵਿਸੇ ?ਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਸਨਮਾਨ ਤੇ ਲੱਕੀ ਨੇ ਜਿਲ੍ਹਾ ਪ੍ਰਸ਼ਾਸ਼ਨ ਰੂਪਨਗਰ ਦਾ ਧੰਨਵਾਦ ਕੀਤਾ ਹੈ।

**ਤਸਵੀਰ ਤੇ ਵੇਰਵਾ-: ਦਵਿੰਦਰਪਾਲ ਸਿੰਘ, ਸ੍ਰੀ ਅਨੰਦਪੁਰ ਸਾਹਿਬ**




# ਬੱਚਿਆਂ ਨੂੰ ਕਾਨੂੰਨੀ ਅਧਿਕਾਰਾਂ ਬਾਰੇ ਕੀਤਾ ਜਾਗਰੂਕ

## ਸਰਕਾਰੀ ਕੰਨਿਆ ਸੀਨੀ.ਸੈਕੰ.ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸੇਸ਼ ਸੈਮੀਨਾਰ ਦਾ ਆਯੋਜਨ

**ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 15 ਫਰਵਰੀ (ਦਵਿੰਦਰਪਾਲ ਸਿੰਘ):**

ਜ਼ਿਲਾ ਅਤੇ ਸੈਸ਼ਨ ਜੱਜ ਕਮ-ਚੇਅਰਪਰਸਨ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਰੂਪਨਗਰ ਸ਼੍ਰੀਮਤੀ ਰਮੇਸ਼ ਕੁਮਾਰੀ ਦੇ ਨਿਰਦੇਸ਼ਾਂ ਤਹਿਤ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਕਮ-ਸਕੱਤਰ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਰੂਪਨਗਰ ਸ਼੍ਰੀਮਤੀ ਹਿਮਾਂਸ਼ੀ ਗਲਹੋਤਰਾ ਦੁਆਰਾ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਇਕ ਵਿਸ਼ੇਸ਼ ਸੈਮੀਨਾਰ ਲਗਾਇਆ ਗਿਆ। ਇਸ ਸੈਮੀਨਾਰ ਵਿੱਚ ਸਕੂਲੀ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਬੱਚਿਆਂ ਅਤੇ ਔਰਤਾਂ ਦੇ ਮੌਲਿਕ ਅਧਿਕਾਰਾਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਬੱਚਿਆਂ ਨਾਲ ਵੱਧ ਰਹੇ ਸਰੀਰਕ ਸ਼ੋਸ਼ਣ ਸਬੰਧੀ ਬੱਚਿਆਂ ਨੂੰ ਜਾਗਰੂਕ ਕਰਨ ਲਈ ਪੋਕਸੋ ਐਕਟ, ਵਿਕਟਿਮ ਕੰਪਨਸੇਸ਼ਨ, ਸੈਕਸੁਅਲ ਹਰਾਸਮੈਂਟ ਅਤੇ ਛੇੜਛਾੜ ਸਬੰਧੀ ਕਾਨੂੰਨਾਂ ਬਾਰੇ ਜਾਣੂ ਕਰਵਾਇਆ ਗਿਆ। ਉਨ੍ਹਾਂ ਬੱਚਿਆਂ ਨੂੰ ਇਹ ਵੀ ਜਾਣਕਾਰੀ ਦਿੱਤੀ ਕਿ ਸਰੀਰਕ ਸੋਸ਼ਣ ਤੋਂ ਬਚਾਉਣ ਅਤੇ ਅਜਿਹੀ ਅਨਚਾਹੀ ਘਟਨਾ ਹੋਣ 'ਤੇ ਸਖਤ ਕਾਰਵਾਈ ਕਰਨ ਲਈ ਬੱਚਿਆਂ ਦੀ ਸੁਰੱਖਿਆ ਲਈ ਬਣੇ ਕਾਨੂੰਨ ਪ੍ਰੋਟੈਕਸ਼ਨ ਆਫਚਿਲਡਰਨ ਫਰੋਮ ਸੈਕਸੁਅਲ ਓਫੈਂਸ ਐਕਟ 2012 ਪੋਕਸੋ ਲਈ ਕਾਨੂੰਨ ਬਣਾਇਆ ਗਿਆ ਹੈ। ਅੰਤ 'ਚ ਸੀ.ਜੇ.ਐਮ ਸ੍ਰੀਮਤੀ ਹਿਮਾਂਸ਼ੀ ਗਲਹੋਤਰਾ ਨੇ ਦੱਸਿਆ ਕਿ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਨਾਲ ਗੱਲ ਕਰਨ ਲਈ ਕਿਸੇ ਵੀ ਸਮੇ ਟੋਲ ਫਰੀ ਨੰਬਰ 15100 'ਤੇ ਸੰਪਰਕ ਕਰ ਸਕਦੇ ਹਨ।

## ਮਾਮਲਾ ਹਰਿਆਣਾ ਦੇ ਗੁਰੂ ਘਰਾਂ 'ਚ ਨੀਮ ਫੌਜੀ ਦਸਤਿਆਂ ਵੱਲੋ ਤੰਬਾਕੂ ਤੇ ਸ਼ਰਾਬ ਦੇ ਸੇਵਨ ਦਾ

# ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਨੇ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਹਰਿਆਣਾ ਸਰਕਾਰ ਦੀ ਕੀਤੀ ਆਲੋਚਨਾ

## ਸ਼ਰਮਨਾਕ ਕੰਮ ਲਈ ਹਰਿਆਣਾ ਸਰਕਾਰ ਤੇ ਹਰਿਆਣਾ ਕਮੇਟੀ ਜਿੰਮੇਵਾਰ: ਖਾਲਸਾ

**ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 15 ਫਰਵਰੀ (ਦਵਿੰਦਰਪਾਲ ਸਿੰਘ):**




ਹਰਿਆਣਾ ਦੇ ਗੁਰਦੁਆਰਾ ਪੰਜੋਖੜਾ ਸਾਹਿਬ ਅਤੇ ਮੰਜੀ ਸਾਹਿਬ ਵਿੱਚ ਨੀਮ ਫੌਜੀ ਦਲਾਂ ਵੱਲੋਂ ਸ਼ਰਾਬ ਅਤੇ ਤੰਬਾਕੂ ਸੇਵਨ ਬੇਹੱਦ ਸ਼ਰਮਨਾਕ ਕਾਰਾ ਹੈ ਤੇ ਇਸ ਦੇ ਲਈ ਸਿੱਧੇ ਤੌਰ ਤੇ ਹਰਿਆਣਾ ਸਰਕਾਰ ਅਤੇ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਜਿੰਮੇਵਾਰ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਗੁਰਬਖਸ਼ ਸਿੰਘ ਖਾਲਸਾ ਵੱਲੋਂ ਕੀਤਾ ਗਿਆ। ਖਾਲਸਾ ਨੇ ਕਿਹਾ ਕਿ ਕਿਸਾਨ ਸੰਘਰਸ਼ ਨੂੰ ਦਬਾਉਣ ਦੇ ਲਈ ਤਾਇਨਾਤ ਨੀਮ ਫੌਜੀ ਦਲਾਂ ਦੇ ਠਹਿਰਨ ਦਾ ਪ੍ਰਬੰਧ ਹਰਿਆਣਾ ਦੇ ਗੁਰਦੁਆਰਾ ਪੰਜੋਖੜਾ ਸਾਹਿਬ ਅਤੇ ਮੰਜੀ ਸਾਹਿਬ ਅੰਬਾਲਾ ਵਿਖੇ ਉੱਥੇ ਦੀ ਕਮੇਟੀ ਅਤੇ ਸਰਕਾਰ ਵੱਲੋਂ ਕੀਤਾ ਗਿਆ ਹੈ ਤੇ ਇਹਨਾਂ ਨੀਮ ਫੌਜੀ ਬਲਾਂ ਵੱਲੋਂ ਗੁਰਦੁਆਰਾ ਸਾਹਿਬ ਦੀਆਂ ਸਰਾਵਾਂ ਵਿੱਚ ਸ਼ਰਾਬ ਅਤੇ ਤੰਬਾਕੂ ਦੇ ਸੇਵਨ ਦਾ ਮਾਮਲਾ ਸਾਹਮਣੇ ਆਇਆ ਹੈ ਜੋ ਕੇ ਬੇਹਦ ਸ਼ਰਮਨਾਕ ਹੈ।

ਖਾਲਸਾ ਨੇ ਕਿਹਾ ਕਿ ਪੈਰਾਮਿਲਟਰੀ ਫੋਰਸ ਦੇ ਇਹਨਾਂ ਮੁਲਾਜ਼ਮਾਂ ਵੱਲੋਂ ਗੁਰੂ ਘਰਾਂ ਦੇ ਵਿੱਚ ਲਿਆਂਦੀ ਗਈ ਸ਼ਰਾਬ, ਤੰਬਾਕੂ ਅਤੇ ਸ਼ੇਵ ਕਰਨ ਦਾ ਸਮਾਨ ਮਿਲਣ ਦੇ ਨਾਲ ਸੰਗਤਾਂ ਦੇ ਮਨ ਦੇ ਵਿੱਚ ਭਾਰੀ ਰੋਸ ਤੇ ਗੁੱਸਾ ਹੈ। ਖਾਲਸਾ ਨੇ ਕਿਹਾ ਕਿ ਹਰਿਆਣਾ ਸਰਕਾਰ ਤੇ ਉਥੋਂ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਲੋਂ ਕੀਤਾ ਗਿਆ ਇਹ ਕਾਰਾ ਬੇਹਦ ਸ਼ਰਮਨਾਕ ਹੈ। ਜੂਨੀਅਰ ਮੀਤ ਪ੍ਰਧਾਨ ਗੁਰਬਖਸ਼ ਸਿੰਘ ਖਾਲਸਾ ਨੇ ਕਿਹਾ ਕਿ ਬੇਸ਼ੱਕ ਸੰਗਤਾਂ ਦੇ ਵਿਰੋਧ ਦੇ ਕਾਰਕੇ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ ਤੋਂ ਇਹਨਾਂ ਫੋਰਸਾਂ ਨੂੰ ਕੱਢ ਲਿਆ ਗਿਆ ਹੈ ਪ੍ਰੰਤੂ ਪੰਜੋਖਰਾ ਸਾਹਿਬ ਵਿਖੇ ਅਜੇ ਵੀ ਇਹ ਨੀਮ ਫੌਜੀ ਦਲਾਂ ਦੇ ਦਸਤੇ ਮੌਜੂਦ ਹੈ, ਉਨ੍ਹਾਂ ਕਿਹਾ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਗੱਲ ਦਾ ਡੱਟ ਕੇ ਵਿਰੋਧ ਕਰਦੀ ਹੈ ਅਤੇ ਹਰਿਆਣਾ ਦੇ ਸਿੱਖਾਂ ਦੇ ਨਾਲ ਡੱਟ ਕੇ ਖੜ੍ਹੀ ਹੈ। ਉਹਨਾਂ ਹਰਿਆਣਾ ਸਰਕਾਰ ਤੇ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇਸ ਮਾਮਲੇ ਵਿੱਚ ਬਣਦੀ ਕਾਰਵਾਈ ਕਰਨ ਦੇ ਲਈ ਆਖਿਆ।

# ਮਗਨਰੇਗਾ ਵਰਕਰ ਵੀ ਹੋਣਗੇ16 ਫਰਵਰੀ ਦੀ ਹੜਤਾਲ ਵਿਚ ਸ਼ਾਮਲ

**ਲੋਕ ਬਾਣੀ/ ਸ਼ਹੀਦ ਭਗਤ ਸਿੰਘ ਨਗਰ 15 ਫਰਵਰੀ**




ਪੇਂਡੂ ਮਜ਼ਦੂਰ ਯੂਨੀਅਨ ਵਲੋਂ ਅੱਜ ਪਿੰਡ ਤਾਜੋਵਾਲ ਵਿਖੇ ਮਗਨਰੇਗਾ ਵਰਕਰਾਂ ਦੀ ਮੀਟਿੰਗ ਕਰਵਾ ਕੇ ਉਹਨਾਂ ਨੂੰ 16 ਫਰਵਰੀ ਦੇ ਭਾਰਤ ਬੰਦ ਵਿਚ ਭਰਵਾਂ ਯੋਗਦਾਨ ਪਾਉਣ ਦੀ ਅਪੀਲ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਯੂਨੀਅਨ ਦੇ ਆਗੂਆਂ ਕਮਲਜੀਤ ਸਨਾਵਾ ਅਤੇ ਸੁਰਿੰਦਰ ਮੀਰਪੁਰੀ ਨੇ ਕਿਹਾ ਕਿ ਮਗਨਰੇਗਾ ਵਰਕਰ ਭਾਰਤ ਬੰਦ ਵਿਚ ਭਰਵੀਂ ਸ਼ਮੂਲੀਅਤ ਕਰਨਗੇ।ਉਹਨਾਂ ਕਿਹਾ ਕਿ ਮੋਦੀ ਸਰਕਾਰ ਦਾ ਮਜ਼ਦੂਰ ਵਿਰੋਧੀ ਚਿਹਰਾ ਪੂਰੀ ਤਰ੍ਹਾਂ ਬੇਪਰਦ ਹੋ ਗਿਆ ਹੈ।ਮੋਦੀ ਸਰਕਾਰ ਮਗਨਰੇਗਾ ਮਜ਼ਦੂਰਾਂ ਦੀ ਦਿਹਾੜੀ ਨਹੀਂ ਵਧਾ ਰਹੀ ਜਦਕਿ ਮਹਿੰਗਾਈ ਹਰ ਰੋਜ਼ ਛਲਾਂਗਾਂ ਮਾਰਕੇ ਅੱਗੇ ਵਧ ਰਹੀ ਹੈ।ਉਹਨਾਂ ਕਿਹਾ ਕਿ ਮਜ਼ਦੂਰ ਜਮਾਤ ਦੇਸ਼ ਦੇ ਵਿਕਾਸ ਲਈ ਰੀੜ੍ਹ ਦੀ ਹੱਡੀ ਹੈ ਪਰ ਮੋਦੀ ਸਰਕਾਰ ਨੇ ਮਜਦੂਰ ਪੱਖੀ ਸਾਰੇ ਕਾਨੂੰਨ ਦਰਕਿਨਾਰ ਕਰਕੇ ਇਹਨਾਂ ਦੀ ਥਾਂ ਉੱਤੇ ਮਜਦੂਰ ਵਿਰੋਧੀ ਅਤੇ ਪੂੰਜੀਪਤੀ ਪੱਖੀ ਚਾਰ ਕਿਰਤ ਕੋਡ ਲੈ ਆਂਦੇ ਹਨ।ਮੋਦੀ ਸਰਕਾਰ ਦੀਆਂ ਮਾੜੀਆਂ ਨੀਤੀਆਂ ਕਾਰਨ ਅੱਜ ਦੇਸ਼ ਦਾ ਮਜਦੂਰ ਬਦ ਤੋਂ ਵੀ ਬਦਤਰ ਜਿੰਦਗੀ ਜੀ ਰਿਹਾ ਹੈ ਪਰ ਮੋਦੀ ਸਰਕਾਰ ਧੂਏ ਦੇ ਪਹਾੜ ਖੜ੍ਹੇ ਕਰਕੇ ਦੇਸ਼ ਦੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ।ਉਹਨਾਂ ਕਿਹਾ ਕਿ 16 ਫਰਵਰੀ ਨੂੰ ਪੇਂਡੂ ਮਜਦੂਰ ਕੰਮਾਂ ਤੋਂ ਹੜਤਾਲ ਕਰਕੇ ਲੰਗੜੋਆ ਬਾਈਪਾਸ ਉੱਤੇ ਲਾਏ ਜਾ ਰਹੇ ਜਾਮ ਵਿਚ ਕਾਫਲੇ ਬੰਨ੍ਹ ਕੇ ਪੁੱਜਣਗੇ।ਇਸ ਮੌਕੇ ਪਰਮਿੰਦਰ ਕੌਰ, ਮਨਜੀਤ ਕੌਰ, ਸੁਰਜੀਤ ਕੌਰ ਨੇ ਵੀ ਵਿਚਾਰ ਪੇਸ਼ ਕੀਤੇ।ਇਸ ਮੌਕੇ ਸੋਮਾਂ, ਰਜਿੰਦਰ ਕੌਰ,ਧਰਮਪਾਲ, ਗਿਆਨ ਆਦਿ ਮਜਦੂਰ ਵੀ ਮੌਜੂਦ ਸਨ ਜਿਹਨਾਂ ਨੇ ਮੁਕੰਮਲ ਹੜਤਾਲ ਕਰਨ ਦਾ ਵਾਅਦਾ ਕੀਤਾ।



publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਤੇ ਨੈਸ਼ਨਲ ਹਾਈਵੇ ਮੌੜਾ ਟੋਲ ਪਲਾਜ਼ਾ 3 ਘੰਟੇ ਲਈ ਕੀਤਾ ਬੰਦ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 15 ਫਰਵਰੀ (ਦਵਿੰਦਰਪਾਲ ਸਿੰਘ):

ਕੇਂਦਰ ਦੀ ਸਰਕਾਰ ਵੱਲੋਂ ਹਰਿਆਣੇ ਦੇ ਵਿੱਚ ਕਿਸਾਨਾਂ ਉੱਤੇ ਜੋ ਤਸ਼ੱਦਦ ਕੀਤਾ ਗਿਆ ਉਸ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚੇ ਦੀ ਹਦਾਇਤਾਂ ਉੱਤੇ ਅੱਜ ਪੂਰੇ ਪੰਜਾਬ ਵਿੱਚ ਟੋਲ ਪਲਾਜੇ ਬੰਦ ਕੀਤੇ ਗਏ ਜਿਸ ਦੀ ਲੜੀ ਤਹਿਤ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਸ੍ਰੀ ਅਨੰਦਪੁਰ ਸਾਹਿਬ ਆਲ ਇੰਡੀਆ ਕਿਸਾਨ ਮਜ਼ਦੂਰ ਅਤੇ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਦੇ ਨਾਲ ਮੌੜਾ ਟੋਲ ਪਲਾਜਾ ਕੀਰਤਪੁਰ ਸਾਹਿਬ ਮਨਾਲੀ ਰੋਡ ਨੈਸ਼ਨਲ ਹਾਈਵੇ 11 ਵਜੇ ਤੋਂ 2 ਵਜੇ ਤੱਕ ਬੰਦ ਕੀਤਾ ਗਿਆ। ਜਿਸ ਵਿੱਚ ਵੱਖ-ਵੱਖ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਇਹ ਆਉਣ ਵਾਲੇ ਦਿਨਾਂ ਦੇ ਵਿੱਚ ਦਿੱਲੀ ਨੂੰ ਜਾਣ ਦੀ ਤਿਆਰੀ ਵਜੋਂ ਦੇਖਿਆ ਜਾਵੇ ਜੇਕਰ ਕੇਂਦਰ ਦੀ ਸਰਕਾਰ ਨੇ ਆਪਣਾ ਰਵੱਈਆ ਬਦਲੀ ਨਾ ਕੀਤਾ ਤਾਂ ਪੰਜਾਬ ਦੇ ਪਿੰਡਾਂ ਪਿੰਡਾਂ ਦੇ ਵਿੱਚੋਂ ਦਿੱਲੀ ਨੂੰ ਵਹੀਰਾਂ ਘੱਤੀਆਂ ਜਾਣਗੀਆਂ। ਉਹਨਾਂ ਕਿਹਾ ਕਿ ਕੇਂਦਰ ਦੀ ਸਰਕਾਰ ਮੋਦੀ ਭਾਜਪਾ ਸਰਕਾਰ ਕਿਸਾਨਾਂ ਦੇ ਨਾਲ ਵਾਅਦਾ ਖਿਲਾਫੀ ਕਰ ਚੁੱਕੀ ਹੈ ਜਿਸ ਦਾ ਖਮਿਆਜਾ ਆਉਣ ਵਾਲੇ ਸਮੇਂ ਦੇ ਵਿੱਚ ਬੀ ਜੇ ਪੀ ਸਰਕਾਰ ਨੂੰ ਭੁਗਤਣਾ ਪਵੇਗਾ। ਅੱਜ ਸਾਡੇ ਕਿਸਾਨ ਭਰਾਵਾਂ ਉੱਤੇ ਸ਼ੰਭੂ ਬਾਰਡਰ ਉੱਤੇ ਜੋ ਤਸ਼ੱਦਦ ਕੀਤਾ ਗਿਆ ਅਤੀ ਨਿੰਦਣ ਯੋਗ ਹੈ। ਸ਼ਾਂਤਮਈ ਸੰਘਰਸ਼ ਕਰ ਰਹੇ ਕਿਸਾਨਾਂ ਦੇ ਉੱਤੇ ਅਥਰੂ ਗੈਸ ਦੇ ਗੋਲੇ, ਪਲਾਸਟਿਕ ਦੀਆਂ ਗੋਲੀਆਂ ਅਤੇ ਹੋਰ ਮਾਰੂ ਹਥਿਆਰਾਂ ਦੇ ਨਾਲ ਹਮਲੇ ਕੀਤੇ ਜਾ ਰਹੇ ਹਨ ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਇਸ ਸਮੇਂ ਬੁਲਾਰਿਆਂ ਦੇ ਵਿੱਚ ਪ੍ਰਧਾਨ ਸ਼ਮਸ਼ੇਰ ਸਿੰਘ ਸ਼ੇਰਾ, ਕਾਮਰੇਡ ਸੁਰਜੀਤ ਸਿੰਘ ਢੇਰ, ਗੁਰਨਾਮ ਸਿੰਘ ਅੌਲਖ ਢਾਡੀ, ਮਨਜੀਤ ਸਿੰਘ ਰਾਹੀ, ਜਨਰਲ ਸਕੱਤਰ ਜੈਮਲ ਸਿੰਘ ਭੜੀ, ਸੁਸ਼ੀਲ ਕੁਮਾਰ, ਜਸਬੀਰ ਸਿੰਘ ਬੁਰਜ, ਸੇਠੀ ਸ਼ਰਮਾ, ਕੋਪਰੇਟਿਵ ਸੋਸਾਇਟੀ ਮਸੇਵਾਲ ਦੇਣੀ ਦੇ ਮੈਂਬਰ ਸਾਹਿਬਾਨ ਬਾਬਾ ਬਲਦੇਵ ਸਿੰਘ, ਮਨਜੀਤ ਸਿੰਘ ਡਾਢੀ, ਫੌਜੀ ਇਦਰਜੀਤ ਸਿੰਘ, ਪ੍ਰਿੰਸ ਬਡੱਲ, ਬਲਵੰਤ ਸਿੰਘ ਲੋਦੀਪੁਰ, ਸੇਵਾ ਸਿੰਘ, ਅਨਵਰ ਖਾਨ, ਕਰਨਪ੍ਰੀਤ ਸਿੰਘ ਬੁੰਗਾ ਸਾਹਿਬ, ਸਤਨਾਮ ਸਿੰਘ ਮਹਿਰੋਲੀ, ਭਾਗ ਸਿੰਘ, ਭਾਗ ਚੰਦ, ਤਰਲੋਚਨ ਸਿੰਘ, ਬਰਜਿੰਦਰ ਢੋੜ, ਭਰਮਜੀਤ ਸਿੰਘ, ਗੁਰਬਚਨ ਸਿੰਘ ਘਟੀਵਾਲ, ਅਜੀਤ ਰਾਮ, ਸੂਬੇਦਾਰ ਗੁਰਨਾਮ ਸਿੰਘ, ਧਨੀ ਰਾਮ ਮੌੜਾ, ਭੁਪਿੰਦਰ ਸਿੰਘ, ਨੰਬਰਦਾਰ ਸਿੰਘ, ਦਿਲਬਾਗ ਸਿੰਘ ਰਾਏਪੁਰ ਸਾਹਨੀ ਆਦਿ ਹਾਜ਼ਰ ਸਨ।

# ਪ੍ਰਿੰਸੀਪਲ ਸੁਰਿੰਦਰ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਤੇ ਪਰਿਵਾਰ ਨੇ ਸ਼੍ਰੋਮਣੀ ਕਮੇਟੀ ਦਾ ਕੀਤਾ ਧੰਨਵਾਦ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 15 ਫਰਵਰੀ (ਦਵਿੰਦਰਪਾਲ ਸਿੰਘ):

ਸ਼੍ਰੋਮਣੀ ਕਮੇਟੀ ਦੇ ਮਰਹੂਮ ਜੂਨੀਅਰ ਮੀਤ ਪ੍ਰਧਾਨ ਅਤੇ ਸਿੱਖ ਮਿਸ਼ਨਰੀ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਿੰਸੀਪਲ ਸੁਰਿੰਦਰ ਸਿੰਘ ਦੀ ਤਸਵੀਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸ੍ਰੀ ਅਮ੍ਰਿਤਸਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਲਗਾਏ ਜਾਣ ਤੇ ਜਿਥੇ ਵੱਖ-ਵੱਖ ਜਥੇਬੰਦੀਆਂ ਨੇ ਸਵਾਗਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ ਹੈ। ਉਥੇ ਹੀ ਪ੍ਰਿੰਸੀਪਲ ਸੁਰਿੰਦਰ ਸਿੰਘ ਦੀ ਸੁਪਤਨੀ ਬੀਬੀ ਭੁਪਿੰਦਰ ਕੌਰ ਅਤੇ ਸਮੁਚੇ ਪਰਿਵਾਰ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਸਮੇਤ ਸਮੁੱਚੀ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਪਰਿਵਾਰਿਕ ਮੈਂਬਰਾਂ ਵਿਚ ਬੀਬੀ ਭੁਪਿੰਦਰ ਕੌਰ, ਗਿਆਨੀ ਅੰਮ੍ਰਿਤਪਾਲ ਸਿੰਘ, ਜਗਦੀਸ਼ ਸਿੰਘ, ਜਸਵੀਰ ਸਿੰਘ, ਪਰਮਜੀਤ ਸਿੰਘ, ਅਮਨਦੀਪ ਸਿੰਘ, ਚਰਨਪ੍ਰੀਤ ਸਿੰਘ, ਇੰਦਰਪ੍ਰੀਤ ਕੌਰ ਆਦਿ ਹਾਜ਼ਰ ਸਨ।




ਦੱਸਣਯੋਗ ਹੈ ਕਿ ਪ੍ਰਿੰਸੀਪਲ ਸੁਰਿੰਦਰ ਸਿੰਘ ਦਾ ਜਨਮ 15 ਮਈ 1956 ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਾਤਾ ਸੁਰਜੀਤ ਕੌਰ ਦੇ ਕੁੱਖੋਂ ਅਤੇ ਪਿਤਾ ਅਜੀਤ ਸਿੰਘ ਦੇ ਗ੍ਰਹਿ ਵਿਖੇ ਹੋਇਆ ਸੀ। ਉਹਨਾ 1995 ਵਿੱਚ ਸਿੱਖ ਮਿਸ਼ਨਰੀ ਕਾਲਜ ਦੀ ਸਥਾਪਨਾ ਕਰਕੇ ਹਜ਼ਾਰਾਂ ਪ੍ਰਚਾਰਕ ਸਿੱਖ ਕੌਮ ਨੂੰ ਸਮਰਪਿਤ ਕੀਤੇ। 2011 ਵਿੱਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਅਤੇ 2021 ਵਿੱਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਬਣੇ। ਉਹ ਸਾਦਾ ਜੀਵਨ ਗੁਜਰ-ਵਸਰ ਕਰਨ ਵਾਲੇ ਨਿਧੱੜਕ ਬੁਲਾਰੇ, ਇਤਿਹਾਸ ਅਤੇ ਫਿਲੋਸਫੀ ਦੇ ਵਿਦਵਾਨ, ਗੁਰੂ ਗ੍ਰੰਥ ਅਤੇ ਗੁਰੂ ਪੰਥ ਦੀ ਸਰਵ-ਉਚਤਾ ਲਈ ਸਾਰੀ ਜਿੰਦਗੀ ਸਮਰਪਿਤ ਰਹੇ। ਪੰਥਕ ਸੇਵਾਵਾਂ ਨਿਭਾਉਂਦੇ ਉਹ 13 ਜੂਨ 2022 ਨੂੰ ਅਕਾਲ ਚਲਾਣਾ ਕਰ ਗਏ।

# ਨਹਿਰੂ ਯੁਵਾ ਕੇਂਦਰ ਵਲੋਂ ਸਰਕਾਰੀ ਕਾਲਜ (ਲੜਕੀਆਂ) 'ਚ ਰਾਜ ਪੱਧਰੀ ਘੋਸ਼ਣਾ ਮੁਕਾਬਲੇ ਕਰਵਾਏ ਗਏ

## ਵਿਧਾਇਕ ਬੱਗਾ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ

ਲੋਕ ਬਾਣੀ/ ਲੁਧਿਆਣਾ, 15 ਫਰਵਰੀ (ਸੁਖਚੈਨ ਮਹਿਰਾ)

- ਨਹਿਰੂ ਯੁਵਾ ਕੇਂਦਰ ਸੰਗਠਨ ਵੱਲੋਂ ਅੱਜ ਸਰਕਾਰੀ ਕਾਲਜ (ਲੜਕੀਆਂ) ਵਿਖੇ ਰਾਜ ਪੱਧਰੀ ਘੋਸ਼ਣਾ ਪ੍ਰਤੀਯੋਗਿਤਾ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਜ਼ਿਲ੍ਹਾ ਪੱਧਰ 'ਤੇ ਘੋਸ਼ਣਾ ਮੁਕਾਬਲੇ ਦੇ ਪਹਿਲੇ ਇਨਾਮ ਜੇਤੂਆਂ ਨੇ MYBharat-Viksit Bharat'2047 ਥੀਮ 'ਤੇ ਭਾਗ ਲਿਆ। ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਬੱਗਾ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਉਨ੍ਹਾਂ ਸਾਰੇ ਭਾਗੀਦਾਰਾਂ ਅਤੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਨਾਲ ਹੀ ਨੌਜਵਾਨਾਂ ਨੂੰ ਸਾਰੇ ਚੰਗੇ ਕੰਮਾਂ ਲਈ ਅੱਗੇ ਆਉਣ ਲਈ ਵੀ ਪ੍ਰੇਰਿਆ। ਵੱਖ-ਵੱਖ ਤਿੰਨ ਜੱਜਾਂ, ਸ਼੍ਰੀ ਨਵਦੀਪ ਸਿੰਘ, ਸ਼੍ਰੀਮਤੀ ਜਸਪ੍ਰੀਤ ਕੌਰ ਅਤੇ ਸ਼੍ਰੀ ਅਟਲ ਬਾਜਪਾਈ ਦੇ ਇੱਕ ਪੈਨਲ ਨੇ ਖੇਤਰੀ ਮੁਹਾਰਤ ਵਾਲੇ ਭਾਗੀਦਾਰਾਂ ਨੂੰ ਵਿਸ਼ਾ-ਵਸਤੂ, ਸੰਚਾਰ ਹੁਨਰ, ਪੇਸ਼ਕਾਰੀ ਦੇ ਹੁਨਰ, ਵਿਚਾਰਾਂ ਅਤੇ ਵਿਚਾਰਾਂ ਦੀ ਸਪੱਸ਼ਟਤਾ ਅਤੇ ਵਿਸ਼ਵਾਸ ਦੇ ਪੱਧਰ ਦੇ ਮਾਪਦੰਡਾਂ 'ਤੇ ਨਿਰਣਾ ਕੀਤਾ। ਮੁਕਾਬਲੇ ਲਈ ਭਾਸ਼ਣ ਹਿੰਦੀ, ਅੰਗਰੇਜ਼ੀ ਜਾਂ ਰਾਜ ਦੀ ਸਰਕਾਰੀ ਭਾਸ਼ਾ ਵਿੱਚ 7 ਮਿੰਟ (ਵੱਧ ਤੋਂ ਵੱਧ) ਦੀ ਮਿਆਦ ਤੱਕ ਸੀ। ਰਾਜ ਪੱਧਰੀ ਮੁਕਾਬਲੇ ਵਿੱਚ ਇਨਾਮ ਪਹਿਲਾ ਇਨਾਮ ਇੱਕ ਲੱਖ ਰੁਪਏ, ਦੂਜਾ ਇਨਾਮ 50 ਹਜ਼ਾਰ ਰੁਪਏ ਜਦਕਿ ਤੀਸਰਾ ਇਨਾਮ ਵੱਖ-ਵੱਖ 2 ਵਿਜੇਤਾਵਾਂ ਲਈ 25 ਹਜ਼ਾਰ ਰੁਪਏ ਰੱਖਿਆ ਗਿਆ ਸੀ। ਨਹਿਰੂ ਯੁਵਾ ਕੇਂਦਰ ਲੁਧਿਆਣਾ ਦੇ ਜ਼ਿਲ੍ਹਾ ਯੁਵਾ




ਅਧਿਕਾਰੀ ਵੱਲੋਂ ਜੇਤੂਆਂ ਦਾ ਵੇਰਵਾ ਸਾਂਝਾ ਕਰਦਿਆਂ ਦੱਸਿਆ ਕਿ ਜਲੰਧਰ ਦੀ ਸਾਕਸ਼ੀ ਸ਼ਰਮਾ ਨੇ ਪਹਿਲਾ, ਫਿਰੋਜ਼ਪੁਰ ਦੀ ਨਮਿਤ ਪ੍ਰੀਤ ਕੌਰ ਨੇ ਦੂਜਾ ਅਤੇ ਫਾਜ਼ਿਲਕਾ ਦੀ ਅਰਸ਼ਦੀਪ ਕੌਰ ਅਤੇ ਕਪੂਰਥਲਾ ਦੀ ਆਂਚਲਪ੍ਰੀਤ ਕੌਰ ਨੇ ਤੀਜਾ ਇਨਾਮ ਜਿੱਤਿਆ ਹੈ। ਇਸ ਮੌਕੇ ਵਿਸ਼ੇਸ਼ ਮਹਿਮਾਨ ਪਰਮਜੀਤ ਸਿੰਘ, ਸਟੇਟ ਡਾਇਰੈਕਟਰ, ਨਹਿਰੂ ਯੁਵਾ ਕੇਂਦਰ ਸੰਸਥਾਨ, ਪੰਜਾਬ, ਚੰਡੀਗੜ੍ਹ ਨੇ ਸਮੁੱਚੇ ਵਿਕਾਸ ਵਿੱਚ ਅਜਿਹੇ ਪਲੇਟਫਾਰਮਾਂ ਦੀ ਮਹੱਤਤਾ ਬਾਰੇ ਗੱਲ ਕੀਤੀ ਅਤੇ ਮਾਈ ਭਾਰਤ ਪੋਰਟਲ ਅਤੇ ਨੈਸ਼ਨਲ ਯੂਥ ਪਾਰਲੀਮੈਂਟ ਬਾਰੇ ਚਾਨਣਾ ਪਾਇਆ। ਸਰਕਾਰੀ ਕਾਲਜ (ਲੜਕੀਆਂ) ਦੇ ਪ੍ਰਿੰਸੀਪਲ ਸੁਮਨ ਲਤਾ ਨੇ ਵੀ ਵਿਦਿਆਰਥੀਆਂ ਨੂੰ ਅਜਿਹੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

# ਜਰੂਰਤਮੰਦ ਪਰਿਵਾਰਾਂ ਦੀਆਂ ਬੇਟੀਆਂ ਦੇ ਸਮੂਹਿਕ ਅਨੰਦ ਕਾਰਜ ਅਪ੍ਰੈਲ ਦੇ ਪਹਿਲੇ ਹਫਤੇ-: ਰੈਣੂ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 15 ਫਰਵਰੀ (ਦਵਿੰਦਰਪਾਲ ਸਿੰਘ):



ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜ਼ਰੂਰਤਮੰਦ ਪਰਿਵਾਰਾਂ ਦੀਆਂ ਬੇਟੀਆਂ ਦੇ ਸਮੂਹਿਕ ਅਨੰਦ ਕਾਰਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ ਛਤਰ ਛਾਇਆ ਹੇਠ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਸੰਤ ਬਾਬਾ ਸੁੱਚਾ ਸਿੰਘ ਜੀ ਵੱਲੋਂ ਅਪ੍ਰੈਲ ਮਹੀਨੇ ਦੇ ਪਹਿਲੇ ਹਫਤੇ ਵਿੱਚ ਕਰਵਾਏ ਜਾ ਰਹੇ ਹਨ। ਇਸ ਸੰਬੰਧੀ ਗੱਲ ਕਰਦਿਆਂ ਉੱਘੇ ਸਮਾਜ ਸੇਵੀ ਕਿਲਾ ਅਨੰਦਗੜ੍ਹ ਸਾਹਿਬ ਦੇ ਬੁਲਾਰੇ ਸਰਬਜੀਤ ਸਿੰਘ ਰੈਣੂੰ ਨੇ ਕਿਹਾ ਕਿ ਜੋ ਵੀ ਜ਼ਰੂਰਤਮੰਦ ਪਰਿਵਾਰ ਇਸ ਮਹਾਨ ਸੇਵਾ ਦੇ ਕੁੰਭ ਦਾ ਲਾਭ ਲੈਣਾ ਚਾਹੁੰਦੇ ਹਨ ਉਹ ਸੱਜਣ ਉਹਨਾਂ ਨੂੰ (ਸਰਬਜੀਤ ਸਿੰਘ ਰੈਣੂੰ) ਪ੍ਰਧਾਨ ਪੰਜਾਬ ਮਨੁੱਖੀ ਅਧਿਕਾਰ ਸੰਗਠਨ ਜ਼ਿਲ੍ਹਾ ਰੋਪੜ ਨਾਲ 85688-01000 ਜਾਂ 98147-96900 ਨਾਲ ਸੰਪਰਕ ਕਰਨ ਜਾਂ ਜਾਤੀ ਤੌਰ ਤੇ ਗਿਫ਼ਟ ਪਿਟਾਰਾ, ਨਜ਼ਦੀਕ ਐਚ ਪੀ ਗੈਸ ਏਜੰਸੀ, ਮਜਾਰਾ, ਅਨੰਦਪੁਰ ਸਾਹਿਬ ਵਿਖੇ ਆ ਕੇ ਮਿਲ ਸਕਦੇ ਹਨ। ਉਹਨਾਂ ਦੱਸਿਆ ਕਿ 20 ਫਰਵਰੀ 2024 ਤੋਂ ਨਾਮ ਦਰਜ਼ ਕਰਵਾਉਣ ਦੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ। ਕੁਲ 11 ਅਨੰਦ ਕਾਰਜ ਕੀਤੇ ਜਾਣਗੇ। ਉਹਨਾਂ ਚਾਹਵਾਨ ਸੱਜਣਾਂ ਨੂੰ ਛੇਤੀ ਨਾਮ ਦਰਜ ਕਰਵਾਉਣ ਦੀ ਬੇਨਤੀ ਕੀਤੀ।





# ਸਪੀਕਰ ਕੁਲਤਾਰ ਸਿੰਘ ਸੰਧਵਾ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਗੁ:ਗੁਰੂ ਕੇ ਲਾਹੌਰ ਵਿਖੇ ਹੋਏ ਨਤਮਸਤਕ

## ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵਿਆਹ ਪੁਰਬ ਮੌਕੇ ਸਮੁੱਚੀ ਲੋਕਾਈ ਨੂੰ ਦਿੱਤੀਆਂ ਵਧਾਈਆਂ

ਲੋਕ ਬਾਣੀ/ ਸ਼੍ਰੀ ਅਨੰਦਪੁਰ ਸਾਹਿਬ 15 ਫਰਵਰੀ (ਦਵਿੰਦਰਪਾਲ ਸਿੰਘ)

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ.ਕੁਲਤਾਰ ਸਿੰਘ ਸੰਧਵਾ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਬੀਤੇ ਦਿਨੀਂ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵਿਆਹ ਪੁਰਬ ਮੌਕੇ ਹਿਮਾਚਲ ਪ੍ਰਦੇਸ਼ ਵਿੱਚ ਸਥਿਤ ਗੁਰਦੁਆਰਾ ਗੁਰੂ ਕੇ ਲਾਹੌਰ ਵਿਖੇ ਨਤਮਸਤਕ ਹੋਣ ਲਈ ਪਹੁੰਚੇ ਤੇ ਗੁਰੂ ਸਾਹਿਬ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਕੁਲਤਾਰ ਸਿੰਘ ਸੰਧਵਾ ਤੇ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਬੜਾ ਵਡਭਾਗਾ ਵਾਲਾ ਸਮਝਦੇ ਹਨ ਕਿ ਉਨਾਂ ਨੂੰ ਵਿਆਹ ਪੁਰਬ ਮੌਕੇ ਗੁਰੂ ਕੇ ਲਾਹੌਰ ਵਿਖੇ ਨਤਮਸਤਕ ਹੋਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨਾਂ ਦੱਸਿਆ ਕਿ 1677 ਈਸਵੀ ਨੂੰ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਵਿਆਹ ਭਾਈ ਹਰਜਸ ਦੀ ਸਪੁੱਤਰੀ ਮਾਤਾ ਜੀਤੋ ਜੀ ਨਾਲ ਹੋਇਆ, ਤੇ ਉਨਾਂ ਦੀ ਜੰਞ ਗੁਰਦੁਆਰਾ ਗੁਰੂ ਕਾ ਮਹਿਲ ਭੋਰਾ ਸਾਹਿਬ ਤੋਂ ਅੰਰਭ ਹੋਈ ਤੇ ਸਭ ਤੋਂ ਪਹਿਲਾਂ ਬਰਾਤ ਦਾ ਉਤਾਰਾ ਗੁਰਦੁਆਰਾ ਸਿਹਰਾ ਸਾਹਿਬ ਦੇ ਅਸਥਾਨ ਤੇ ਹੋਇਆ, ਇਸ ਉਪਰੰਤ ਗੁਰੂ ਕੇ ਲਾਹੌਰ ਵਿਖੇ ਗੁਰੂ ਸਾਹਿਬ ਦੇ ਅਨੰਦ ਕਾਰਜ਼ ਹੋਏ, ਉਨਾਂ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵਿਆਹ ਪੁਰਬ ਦੀ ਵਧਾਈ ਦਿੱਤੀ। ਇਸ ਮੌਕੇ ਸਪੀਕਰ ਕੁਲਤਾਰ ਸਿੰਘ ਸੰਧਵਾ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਵੱਖ ਵੱਖ ਲੰਗਰਾਂ ਵਿੱਚ ਜਾ ਕੇ ਜਿੱਥੇ ਸੇਵਾ ਕੀਤੀ ਉੱਥੇ ਹੀ ਇਲਾਕੇ ਦੇ ਨੋਜਵਾਨਾਂ ਨਾਲ ਮੁਲਾਕਾਤ ਵੀ ਕੀਤੀ। ਇਸ ਮੌਕੇ ਉਨਾਂ ਨਾਲ ਚੇਅਰਮੈਨ ਕਮਿੱਕਰ ਸਿੰਘ ਡਾਢੀ, ਅਮਰਜੀਤ ਸਿੰਘ ਸੰਦੋਆ, ਬਲਾਕ ਪ੍ਰਧਾਨ ਕੇਸਰ ਸਿੰਘ ਸੰਧੂ, ਗੁਰਪ੍ਰੀਤ ਸਿੰਘ ਅਰੋੜਾ ਤੇ ਹੋਰ ਮੌਜੂਦ ਸਨ।



# ਭਾਰਤ ਬੰਦ ਦੀ ਤਿਆਰੀ ਲਈ ਨਵਾਂਸ਼ਹਿਰ ਵਿਚ ਜਾਗੋ ਕੱਢੀ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ

-16 ਫਰਵਰੀ ਨੂੰ ਕੀਤੇ ਜਾ ਰਹੇ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਲਈ ਅੱਜ ਨਵਾਂਸ਼ਹਿਰ ਦੇ ਬਾਜਾਰਾਂ ਵਿਚ ਜਾਗੋ ਕੱਢੀ ਗਈ।ਇਹ ਜਾਗੋ ਸਥਾਨਕ ਬਾਰਾਦਰੀ ਬਾਗ ਤੋਂ ਸ਼ੁਰੂ ਹੋਕੇ ਰੇਲਵੇ ਰੋਡ ਤੋਂ ਰਾਹੀਂ ਸ਼ਹਿਰ ਦੇ ਹੋਰ ਹਿੱਸਿਆਂ ਵਿਚ ਕੱਢੀ ਗਈ। ਇਸ ਮੌਕੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ -ਲੋਕ ਵਿਰੋਧੀ ਨੀਤੀਆਂ ਦੇ ਵਿਰੋਧ ਵਿਚ ਅਤੇ ਕਿਸਾਨਾਂ-ਮਜਦੂਰਾਂ-ਮੁਲਾਜਮਾਂ ਦੀਆਂ ਮੰਗਾਂ ਨੂੰ ਲੈਕੇ ਸੰਯੁਕਤ ਕਿਸਾਨ ਮੋਰਚਾ ਟਰੇਡ ਯੂਨੀਅਨਾਂ ਅਤੇ ਹੋਰ ਜਥੇਬੰਦੀਆਂ ਵਲੋਂ 16 ਫਰਵਰੀ ਨੂੰ ਭਾਰਤ ਬੰਦ ਦੇ ਦਿੱਤੇ ਗਏ ਸੱਦੇ ਨੂੰ ਸਫਲ ਬਣਾਉਣ ਲਈ ਜਥੇਬੰਦੀਆਂ ਦਿਨ ਰਾਤ ਇਕ ਕਰ ਰਹੀਆਂ ਹਨ।ਇਸ ਦਿਨ ਦੁੱਧ ਅਤੇ ਸਬਜੀਆਂ ਦੀ ਸਪਲਾਈ ਬੰਦ ਰਹੇਗੀ।ਸ਼ਹਿਰਾਂ ਅਤੇ ਪਿੰਡਾਂ ਦੀ ਦੁਕਾਨਾਂ ਬੰਦ ਰਹਿਣਗੀਆਂ।ਬੱਸਾਂ, ਟੈਕਸੀਆਂ, ਟਰੱਕ,ਆਟੋ ਸੜਕਾਂ ਤੇ ਨਹੀਂ ਚੱਲਣਗੇ।ਉਹਨਾਂ ਕਿਹਾ ਮੋਦੀ ਸਰਕਾਰ ਨੇ ਸੰਯੁਕਤ ਕਿਸਾਨ ਮੋਰਚੇ ਕੋਲ ਲਿਖਤੀ ਮੰਗਾਂ ਮੰਨਕੇ ਅੱਜ ਤੱਕ ਲਾਗੂ ਨਹੀਂ ਕੀਤੀਆਂ।ਉਹਨਾਂ ਕਿਹਾ ਕਿ ਮੋਦੀ ਸਰਕਾਰ ਵੱਡੇ ਕਾਰਪੋਰੇਟਾਂ ਦੀਆਂ ਤਿਜੌਰੀਆਂ ਭਰ ਰਹੀ ਹੈ।ਇਸ ਸਰਕਾਰ ਦੀਆਂ ਨੀਤੀਆਂ ਨਾਲ ਛੋਟਾ ਅਤੇ ਦਰਮਿਆਨਾ ਵਪਾਰੀ ਤਬਾਹ ਹੋ ਰਿਹਾ ਹੈ।ਉਹਨਾਂ ਲੋਕਾਂ ਨੂੰ 16 ਫਰਵਰੀ ਨੂੰ ਮੁਕੰਮਲ ਬੰਦ ਕਰਕੇ ਸਵੇਰੇ 10 ਵਜੇ ਲੰਗੜੋਆ ਬਾਈਪਾਸ ਤੇ ਪਹੁੰਚਣ ਲਈ ਕਿਹਾ, ਜਿੱਥੇ ਸ਼ਾਮ 4 ਵਜੇ ਤੱਕ ਕਾਨਫਰੰਸ ਕੀਤੀ ਜਾਵੇਗੀ।ਉਹਨਾਂ ਕਿਹਾ ਕਿ ਜਿਲਾ ਸ਼ਹੀਦ ਭਗਤ ਸਿੰਘ ਨਗਰ ਵਿਚ ਬੰਦ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਮੌਕੇ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਜਸਬੀਰ ਦੀਪ,ਸੁਰਿੰਦਰ ਸਿੰਘ ਬੈਂਸ,ਪਰਮਜੀਤ ਸਿੰਘ ਸੰਘਾ,ਸਤਨਾਮ ਸਿੰਘ ਗੁਲਾਟੂ,ਮੁਕੰਦ ਲਾਲ,ਹਰਜਿੰਦਰ ਸਿੰਘ ਭੰਗਲ, ਬਲਜੀਤ ਸਿੰਘ ਧਰਮਕੋਟ, ਕਿਰਨਜੀਤ, ਹਰੇ ਰਾਮ, ਨੇ ਸੰਬੋਧਨ ਕੀਤਾ।

## ਕੇ.ਸੀ. ਕਾਲਜ 'ਚ ਮਨਾਈ ਬਸੰਤ ਪੰਚਮੀ

# ਗਿਆਨ ਦੀ ਦੇਵੀ ਮਾਂ ਸਰਸਵਤੀ ਦੀ ਕਿਰਪਾ ਨਾਲ ਵਿਦਿਆਰਥੀਆਂ ਦਾ ਹੁੰਦਾ ਹੈ ਭੱਵਿਖ ਉੱਜਵਲ- ਡਾ. ਗੁਜਰਾਤੀ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ



ਕਰਿਆਮ ਰੋਡ ਤੇ ਸਿੱਥਤ ਕੇ.ਸੀ. ਗਰੁੱਪ ਆੱਫ ਇੰਸੀਟਿਊਸ਼ਨੰਸ 'ਚ ਬੁਧਵਾਰ ਨੂੰ ਆਈਕਿਉਏਸੀ ਵਲੋਂ ਬਸੰਤ ਪੰਚਮੀ ਮਨਾਉਂਦੇ ਹੋਏ ਸਰਸਵਤੀ ਮਾਤਾ ਦੀ ਫੋਟੋ ਦੇ ਅੱਗੇ ਸਰਸਵਤੀ ਪੂਜਨ ਕੀਤਾ ਗਿਆ। ਸਵੇਰੇ ਡੀਨ ਸਟੂਡੈਂਟ ਵੇਲਫੇਅਰ ਦੇ ਪ੍ਰੋ. ਡਾ. ਰਾਜ ਕੁਮਾਰ ਨੇ ਕੈਂਪਸ ਡਾਇਰੈਕਟਰ ਡਾ. ਰਸ਼ਮੀ ਗੁਜਰਾਤੀ ਤੋਂ ਨਵਗ੍ਰਹਿ ਅਤੇ ਗਣੇਸ਼ ਪੂਜਾ ਤੋਂ ਬਾਅਦ ਸਰਸਵਤੀ ਪੂਜਾ ਕਰਵਾਈ ਗਈ। ਡਾ.ਰਸ਼ਮੀ ਗੁਜਰਾਤੀ ਦੇ ਨਾਲ ਡਾ. ਕੁਲਜਿੰਦਰ ਕੌਰ, ਡਾ. ਪਲਵਿੰਦਰ ਕੁਮਾਰ, ਇੰਜ. ਰਾਜਿੰਦਰ ਕੁਮਾਰ ਮੂੰਮ, ਇੰਜ. ਜਫਤਾਰ ਅਹਿਮਦ, ਏਕੇ ਨੰਦਾ, ਐਚਆਰ ਮਨੀਸ਼ਾ, ਇੰਜ. ਜਨਾਰਦਨ ਕੁਮਾਰ, ਨੀਨਾ ਅਰੋੜਾ ਵੀ ਉਹਨਾਂ ਦੇ ਨਾਲ ਮੌਜੂਦ ਰਹੇ। ਪੂਜਾ ਤੋਂ ਬਾਅਦ ਸਰਸਵਤੀ ਮਾਤਾ ਦੀ ਮਹਿਮਾ ਦਾ ਗੁਣਗਾਨ ਹੋਇਆ। ਡਾ. ਰਾਜ ਕੁਮਾਰ ਨੇ ਕਿਹਾ ਕਿ ਸਾਨੂੰ ਗਿਆਨ ਦੀ ਦੇਵੀ ਮਾਂ ਸਰਸਵਤੀ ਜੀ ਦੀ ਪੂਜਾ ਸੱਚੇ ਦਿਲ ਨਾਲ ਕਰਨੀ ਚਾਹੀਦੀ ਹੈ। ਮਾਂ ਸਾਰਿਆਂ ਦੀ ਮਨੋਕਾਮਨਾਵਾਂ ਅਤੇ ਉਜਵਲ ਭਵਿੱਖ ਬਣਾਉਣ 'ਚ ਵੀ ਸਹਾਇਕ ਰਹਿੰਦੀ ਹੈ। ਕੁਦਰਤ ਬਸੰਤ ਦੇ ਨਾਲ ਨਵਾਂ ਰੂਪ ਲੈਣ ਲਗੱਦੀ ਹੈ। ਡਾ. ਗੁਜਰਾਤੀ ਨੇ ਦੱਸਿਆ ਕਿ ਗਿਆ ਦੀ ਦੇਵੀ ਮਾਂ ਸਰਸਵਤੀ ਦੀ ਕਿਰਪਾ ਨਾਲ ਵਿਦਿਆਰਥੀਆਂ ਦਾ ਭੱਵਿਖ ਸੰਵਰਦਾ ਹੈ, ਜਿਹੜਾ ਵੀ ਵਿਦਿਆਰਥੀ ਮਾਂ ਸਰਸਵਤੀ ਮਾਤਾ ਦਾ ਪੂਜਨ ਬਚਪਣ ਤੋਂ ਹੀ ਕਰਦਾ ਹੈ, ਉਹ ਸੰਸਕਾਰੀ ਬਣਦਾ ਹੈ ਅਤੇ ਮਾਤਾ ਸਰਸਵਤੀ ਜੀ ਦੀ ਕਿਰਪਾ ਉਸਤੇ ਬਣੀ ਰਹਿੰਦੀ ਹੈ। ਵਿਦਿਆਰਥੀਆਂ ਨੇ ਪਤੰਗਬਾਜੀ ਵੀ ਕੀਤੀ। ਮੌਕੇ ਤੇ ਇੰਜ. ਹਰਪ੍ਰੀਤ ਕੌਰ, ਗੁਰਪ੍ਰੀਤ, ਸ਼ਿਖਾ ਰਾਜੂ, ਇੰਜ. ਸੁਖਵਿੰਦਰ, ਕਾਜਲ, ਮੋਨਿਕਾ ਧੰਮ, ਅਮਨਪ੍ਰੀਤ ਕੌਰ, ਡਾ. ਸੁਖਦੀਪ ਕੌਰ, ਜੋਤੀ, ਨਿਰਦੋਸ਼ ਕਪੂਰ, ਰਮਨਦੀਪ, ਏਓ ਕੁਲਵਿੰਦਰ ਰਾਣਾ, ਸ਼ਬਨਾ, ਸੰਦੀਪ ਕੌਰ, ਗੁਰਪਿੰਦਰ ਕੌਰ, ਮੇਹਾ ਸੇਠ, ਅਕਾਂਕਸ਼ਾ, ਮਨੀਸ਼ ਕੁਮਾਰ, ਦਵਿੰਦਰ ਸਿੰਘ, ਹਰਿਪ੍ਰੀਤ, ਵਿਸ਼ਾਲ, ਰਮਨ ਕੁਮਾਰ, ਨਿਸਾ, ਮੋ. ਸੁਹੇਲ, ਅੰਕਿਤਾ, ਕੰਵਲਦੀਪ ਕੌਰ ਅਤੇ ਵਿਪਨ ਕੁਮਾਰ ਦੇ ਨਾਲ ਹੋਰਾਂ ਕਾਲਜਾਂ ਦਾ ਸਟਾਫ ਅਤੇ ਵਿਦਿਆਰਥੀ ਮੌਜੂਦ ਰਹੇ

Website : www.lokbani.com
lokbani08@gmail.com

# ਭਾਰਤ ਬੰਦ ਨੂੰ ਸਫਲ ਬਣਾਉਣ ਲਈ ਸ੍ਰੀ ਅਨੰਦਪੁਰ ਸਾਹਿਬ ਦੇ ਦੁਕਾਨਦਾਰਾਂ ਨੂੰ ਦੁਕਾਨਾਂ ਬੰਦ ਕਰਨ ਦੀ ਕੀਤੀ ਅਪੀਲ

ਲੋਕ ਬਾਣੀ/ ਸ੍ਰੀ ਆਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ)



: 16 ਫਰਵਰੀ ਦਿਨ ਸ਼ੁਕਰਵਾਰ ਦੇ ਭਾਰਤ ਬੰਦ ਦੇ ਸੱਦੇ ਨੂੰ ਕਾਮਯਾਬ ਕਰਨ ਦੇ ਲਈ ਮੁਲਾਜ਼ਮ ਅਤੇ ਟਰੇਡ ਤੇ ਕਿਸਾਨ ਜਥੇਬੰਦੀਆਂ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਦੇ ਬਾਜ਼ਾਰ ਵਿੱਚ ਪੈਦਲ ਮਾਰਚ ਕੀਤਾ ਗਿਆ। ਇਸ ਦੌਰਾਨ ਦੁਕਾਨਦਾਰ ਭਰਾਵਾਂ ਨੂੰ ਦੁਕਾਨਾਂ ਬੰਦ ਰੱਖਣ ਦੇ ਲਈ ਅਪੀਲ ਕੀਤੀ ਗਈ। ਜਿਸ ਵਿੱਚ ਦੁਕਾਨਦਾਰ ਭਰਾਵਾਂ ਵੱਲੋਂ ਸਹਿਯੋਗ ਕਰਨ ਦਾ ਭਰੋਸਾ ਦਿੱਤਾ ਗਿਆ। ਉਹਨਾਂ ਦੱਸਸੀਆ ਕਿ ਸਮੂਹ ਬਾਜ਼ਾਰ ਕੀਰਤਪੁਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਗੰਗੂਵਾਲ, ਢੇਰ, ਕੋਟਲਾ, ਭਨੁਪਲੀ, ਜਿੰਦਵੜੀ, ਬੂੰਗਾ ਸਹਿਬ ਅਤੇ ਹੋਰ ਛੋਟੀਆਂ ਮਾਰਕੀਟਾਂ ਸਵੇਰੇ 10 ਵਜੇ ਤੋਂ 4 ਵਜੇ ਤੱਕ ਬੰਦ ਰਹਿਣਗੀਆਂ। ਸੀ ? ਅਨੰਦਪੁਰ ਸਾਹਿਬ ਬੱਸ ਅੱਡੇ ਤੇ ਭਰਵੀਂ ਰੈਲੀ ਕੀਤੀ ਜਾਵੇਗੀ ?।ਇਸ ਸਮੇਂ ਵੱਖ-ਵੱਖ ਯੂਨੀਅਨਾਂ ਦੇ ਆਗੂਆਂ ਵੱਲੋਂ ਕੇਂਦਰ ਦੀ ਸਰਕਾਰ ਦੀ ਸ਼ਹਿ ਉੱਤੇ ਹਰਿਆਣਾ ਪੁਲਿਸ ਵੱਲੋਂ ਹਰਿਆਣਾ ਦੇ ਪ੍ਰਸ਼ਾਸਨ ਵੱਲੋਂ ਬੀਤੇ ਦਿਨੀ ਕਿਸਾਨਾਂ ਉੱਤੇ ਜੋ ਤਸ਼ੱਦਦ ਕੀਤਾ ਗਿਆ ਤੇਜ਼ਾਬੀ ਪਾਣੀ ਅਥਰੂ ਗੈਸ ਦੇ ਗੋਲੇ ਸੁੱਟੇ ਜਾ ਰਹੇ ਹਨ ਉਸ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਗਈ, ਕਿਉਂਕਿ ਪੰਜਾਬ ਦਾ ਕਿਸਾਨ ਅਜੇ ਤਾਂ ਪੰਜਾਬ ਦੀ ਧਰਤੀ ਉੱਤੇ ਹੀ ਬੈਠਾ ਹੈ। ਹਰਿਆਣੇ ਵਿੱਚ ਦਾਖਲ ਹੀ ਨਹੀਂ ਹੋਇਆ। ਫਿਰ ਹਰਿਆਣਾ ਸਰਕਾਰ ਨੂੰ ਕਿਸਾਨਾਂ ਤੇ ਲਾਠੀ ਚਾਰਜ ਕਰਨ ਦਾ ਅਥਰੂ ਗੈਸ ਦੇ ਗੋਲੇ ਸਿੱਟਣ ਦਾ ਹੱਕ ਕਿਸ ਸੰਵਿਧਾਨ ਦੁਆਰਾ ਦਿੱਤਾ ਗਿਆ ਹੈ। ਇਸ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ । ਉਹਨਾ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਨੂੰ ਤੁਰੰਤ ਗੱਲਬਾਤ ਦਾ ਸੱਦਾ ਦੇਵੇ ਤਾਂ ਜੋ ਤਕਰਾਰ ਵਾਲੀ ਸਥਿਤੀ ਪੈਦਾ ਨਾ ਹੋਵੇ। ਕੇਂਦਰ ਸਰਕਾਰ ਕਿਸਾਨਾਂ ਦੀਆਂ ਵਾਜਬ ਮੰਗਾਂ ਤੁਰੰਤ ਮੰਨੇ ਅਤੇ ਲਾਗੂ ਕਰੇ ਜੇਕਰ ਸੰਘਰਸ਼ ਲੜ ਰਹੇ ਕਿਸਾਨਾਂ ਦਾ ਕੋਈ ਨੁਕਸਾਨ ਹੁੰਦਾ ਹੈ ਤਾਂ ਇਸ ਦੀ ਜਿੰਮੇਵਾਰੀ ਸਿੱਧੀ ਕੇਂਦਰ ਸਰਕਾਰ ਦੀ ਹੋਵੇਗੀ। ਇਸ ਸਮੇਂ ਵੱਖ-ਵੱਖ ਜਥੇਬੰਦੀਆਂ ਦੇ ਆਗੂ ਰੋਸ ਮਾਰਚ ਵਿੱਚ ਸ਼ਾਮਿਲ ਹੋਏ। ਇਸ ਮੌਕੇ ਤੇ ਕਾਮਰੇਡ ਦਵਿੰਦਰ ਨੰਗਲੀ ,ਜੈਮਲ ਸਿੰਘ ਭੜੀ, ਕਾਮਰੇਡ ਸੁਰਜੀਤ ਸਿੰਘ ਢੇਰ, ਦਰਸ਼ਨ ਸਿੰਘ ਬੜਵਾ ,ਮਾਸਟਰ ਜੰਗ ਸਿੰਘ, ਗੁਰਨਾਮ ਸਿੰਘ ਔਲਖ, ਅਵਤਾਰ ਸਿੰਘ ਅਸਾਲਤਪੁਰ, ਦਵਿੰਦਰ ਸਰਥਲੀ, ਕਿਰਪਾਲ ਸਿੰਘ ਭੁੱਟੋ, ਸ਼ਮਸ਼ੇਰ ਸਿੰਘ ਸ਼ੇਰਾ, ਸੰਤ ਸਿੰਘ ਹਜਾਰਾ,ਅਨਵਰ ਖਾਨ ਬੂੰਗਾ ਸਾਹਿਬ, ਗੁਰਪ੍ਰੀਤ ਸਿੰਘ ਬਬਲੂ ,ਰਾਮਪਾਲ ਤਾਰਾਪੁਰ, ਕਰਮ ਚੰਦ ਗੁਨਾਰੂ,ਹਰਪ੍ਰੀਤ ਸਿੰਘ ਭੁੱਟੋ, ਸੁਸ਼ੀਲ ਕੁਮਾਰ, ਬਰਜਿੰਦਰ ਸਿੰਘ ਡੋਡ , ਮੋਹਨ ਲਾਲ, ਗੁਰਮੀਤ ਸਿੰਘ ਸਿਆਲ, ਭਾਗ ਸਿੰਘ ਘਟੀਵਾਲ ,ਗਰੀਬ ਸਿੰਘ, ਬਾਬਾ ਹਰਵੰਤ ਸਿੰਘ, ਗੁਲਜਾਰ ਸਿੰਘ ਨੰਗਲੀ, ਅਮਰਜੀਤ ਸਿੰਘ ਹੋਲਗੜ੍ਹ ਵੀ ਹਾਜ਼ਰ ਸਨ। ਇਸ ਮੌਕੇ ਬਾਰ ਐਸੋਸੀਏਸ਼ਨ ਸ੍ਰੀ ਆਨੰਦਪੁਰ ਸਾਹਿਬ ਅਤੇ ਤਹਿਸੀਲ ਦੇ ਆਰਜ਼ੀ ਨਵੀਸਾਂ ਨੇ ਵੀ ਬੰਦ ਵਿਚ ਸ਼ਾਮਿਲ ਹੋਣ ਦਾ ਸੱਦਾ ਕਬੂਲ ਕੀਤਾ।

# ਪੰਜਾਬ ਸਰਕਾਰ ਨੂੰ ਆਪਣੇ ਕੀਤੇ ਹੋਏ ਵਾਅਦੇ ਤੋਂ ਭੱਜਣ ਨਹੀਂ ਦਿਆਂਗੇ- ਮੱਖਣ ਕਾਲਸ

## ਜਲ ਸਪਲਾਈ ਠੇਕਾ ਯੂਨੀਅਨ ਦੀ ਹੋਈ ਮੀਟਿੰਗ, ਨੈਸ਼ਨਲ ਹਾਈਵੇ ਜਾਮ ਅਤੇ 16 ਦੀ ਹੜਤਾਲ ਦਾ ਸਮਰਥਨ

ਲੋਕ ਬਾਣੀ/ ਸ੍ਰੀ ਆਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ)



– ਅੱਜ ਇਥੇ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਪੰਜਾਬ ਰਜਿ ਨੰ 31 ਸ੍ਰੀ ਅਨੰਦਪੁਰ ਸਾਹਿਬ ਦੀ ਮੀਟਿੰਗ ਬ੍ਰਾਂਚ ਪ੍ਰਧਾਨ ਮੱਖਣ ਕਾਲਸ ਦੀ ਅਗਵਾਈ ਹੇਠ ਸੰਪੰਨ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੱਖਣ ਕਾਲਸ, ਕਪਿਲ ਮਹਿੰਦਲੀ, ਗੁਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਆਊਟਸੋਰਸਡ ਇੰਨਲਿਸਟਮੈਂਟ ਮੁਲਾਜ਼ਮਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾ ਰਿਹਾ ਹੈ। ਇੰਨਾ ਮੁਲਾਜ਼ਮਾਂ ਨੂੰ ਨਾਂ ਤਾਂ ਜੀਉਣ ਯੋਗ ਤਨਖਾਹ ਦਿਤੀ ਜਾ ਰਹੀ ਹੈ ਨਾਂ ਹੀ ਪੱਕਾ ਕੀਤਾ ਜਾ ਰਿਹਾ ਹੈ, ਸਗੋਂ GST ਸਮੇਤ ਹੋਰ ਟੈਕਸਾਂ ਰਾਹੀਂ ਸਰਕਾਰੀ ਖਜ਼ਾਨੇ ਨੂੰ ਖੋਰਾ ਲਾਇਆ ਜਾ ਰਿਹਾ ਹੈ। ਜਿਸ ਕਾਰਨ ਇਹ ਮੁਲਾਜ਼ਮ ਸੰਤਾਪ ਭਰੀ ਜ਼ਿੰਦਗੀ ਜੀ ਰਹੇ ਹਨ। ਆਗੂਆਂ ਨੇ ਕਿਹਾ ਕਿ ਜਿਥੇ ਆਊਟਸੋਰਸਡ ਇੰਨਲਿਟਸਮੈਂਟ ਮੁਲਾਜ਼ਮਾਂ ਵਲੋਂ ਸੰਘਰਸ਼ ਨੂੰ ਆਰ ਪਾਰ ਦਾ ਰੂਪ ਦਿਤਾ ਜਾ ਰਿਹਾ ਹੈ ਉਥੇ ਹੀ ਕਿਸਾਨਾਂ ਮਜ਼ਦੂਰਾਂ ਮੁਲਾਜ਼ਮਾਂ ਵਲੋਂ 16 ਤਰੀਕ ਨੂੰ ਵੱਡੇ ਪ੍ਰੋਗਰਾਮ ਕੀਤੇ ਜਾ ਰਹੇ ਹਨ ਜਿਸ ਦੀ ਡਟਵੀਂ ਹਮਾਇਤ ਕੀਤੀ ਜਾਵੇਗੀ। ਇਸ ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ ਤੋਂ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਸੱਦੇ ਤੇ 27 ਫਰਵਰੀ ਨੂੰ ਦਿੱਲੀ ਅਮ੍ਰਿਤਸਰ ਨੈਸ਼ਨਲ ਹਾਈਵੇ ਜਾਮ ਵਿਚ ਵਰਕਰਾਂ ਵਲੋਂ ਵਧਵੀ ਸ਼ਮੂਲੀਅਤ ਕੀਤੀ ਜਾਵੇਗੀ। ਇਹ ਸੰਘਰਸ਼ ਓਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਪੰਜਾਬ ਸਰਕਾਰ ਆਪਣੇ ਕੀਤੇ ਹੋਏ ਵਾਅਦੇ ਨੂੰ ਪੂਰਾ ਨਹੀਂ ਕਰਦੀ। ਇਸ ਲਈ ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜਲਦ ਤੋਂ ਜਲਦ ਆਊਟਸੋਰਸਡ ਇੰਨਲਿਟਸਮੈਂਟ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ ਤਾਂ ਜ਼ੋ ਲੋਕ ਸੜਕਾਂ ਤੇ ਨਾਂ ਉਤਰਨ। ਫਿਰ ਵੀ ਜੇਕਰ ਅਜਿਹੀ ਸਥਿਤੀ ਬਣਦੀ ਹੈ ਤਾਂ ਇਸ ਦੀ ਪੂਰੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।



# ਮੋਦੀ-ਖੱਟਰ ਹਕੂਮਤ ਦੇ ਜਾਬਰ ਹੱਲੇ ਖਿਲਾ.ਫ ਭਾਕਿਯੂ ਏਕਤਾ ਡਕੌਂਦਾ ਵੱਲੋਂ ਰੇਲਾਂ ਦੀ 3 ਘੰਟੇ ਲਈ ਛੁਕ-ਛੁਕ ਬੰਦ ਕੀਤੀ

ਲੋਕ ਬਾਣੀ/ ਬਰਨਾਲਾ/ਮਹਿਲ ਕਲਾਂ,

ਭਾਰਤੀ ਕਿਸਾਨ ਯੂਨੀਅਨ ਏਕਤਾ (ਡਕੌਂਦਾ) ਦੀ ਅਗਵਾਈ ਵਿੱਚ ਮੋਦੀ ਅਤੇ ਖੱਟਰ ਸਰਕਾਰ ਵੱਲੋਂ ਹਰਿਆਣਾ -ਪੰਜਾਬ ਦੇ ਸ਼ੰਭੂ, ਖਨੌਰੀ, ਡੱਬਵਾਲੀ, ਫਤਿਆਬਾਦ ਆਦਿ ਥਾਵਾਂ 'ਤੇ ਦਿੱਲੀ ਜਾ ਰਹੇ ਕਿਸਾਨਾਂ ਉੱਪਰ ਅੱਥਰੂ ਗੈਸ ਦੇ ਗੋਲੇ ਵਰ੍ਹਾਉਣ, ਪਾਣੀ ਦੀਆਂ ਬੁਛਾੜਾਂ ਛੱਡਣ, ਪਲਾਸਟਿਕ ਦੀਆਂ ਗੋਲੀਆਂ, ਹਰਿਆਣਾ ਵੱਲ ਜਾਂਦੇ ਸਾਰੇ ਰਸਤੇ ਬੰਦ ਕਰਨ ਖ਼ਿਲਾਫ਼ ਬਰਨਾਲਾ ਰੇਲਵੇ ਸਟੇਸ਼ਨ ਵਿਖੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਭਦੌੜ ਦੀ ਅਗਵਾਈ ਵਿੱਚ 12 ਵਜੇ ਤੋਂ 3 ਵਜੇ ਤੱਕ ਰੇਲਾਂ ਦਾ ਮੁਕੰਮਲ ਚੱਕਾ ਜਾਮ ਕੀਤਾ ਗਿਆ। ਇਸ ਰੇਲ ਚੱਕਾ ਜਾਮ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨ ਕਾਫ਼ਲਿਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਇਸ ਸਮੇਂ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਸੂਬਾ ਕਾਰਜਕਾਰੀ ਪ੍ਰਧਾਨ ਮਨਜੀਤ ਧਨੇਰ ਨੇ ਮੋਦੀ ਹਕੂਮਤ ਦੇ ਜਾਬਰ ਫਾਸ਼ੀ ਕਦਮਾਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਸਾਰੀਆਂ ਰੋਕਾਂ ਖ਼ਤਮ ਕਰਕੇ ਕਿਸਾਨਾਂ ਨੂੰ ਦਿੱਲੀ ਵੱਲ ਜਾਣ ਦੇਣ ਦੀ ਜ਼ੋਰਦਾਰ ਮੰਗ ਕੀਤੀ। ਆਗੂਆਂ ਕਿਹਾ ਕਿ ਜਿਨ੍ਹਾਂ ਮੰਗਾਂ ਦੀ ਪ੍ਰਾਪਤੀ ਲਈ ਕਿਸਾਨਾਂ ਨੇ ਦਿੱਲੀ ਵੱਲ ਕੂਚ ਕੀਤਾ ਸੀ, ਉਹ ਸੰਯੁਕਤ ਕਿਸਾਨ ਮੋਰਚੇ ਵੱਲੋਂ ਤਹਿ ਕੀਤੀਆਂ ਸਾਂਝੀਆਂ ਸਾਰੇ ਕਿਸਾਨਾਂ ਦੀਆਂ ਮੰਗਾਂ ਹਨ। ਸਾਰੀਆਂ ਫ਼ਸਲਾਂ ਤੇ ਐਮਐਸਪੀ, ਸਰਕਾਰੀ ਖ਼੍ਰੀਦ ਦੀ ਗਰੰਟੀ , ਕਿਸਾਨਾਂ-ਮਜਦੂਰਾਂ ਦੀ ਕਰਜ਼ ਮੁਆਫ਼ੀ, ਬਿਜਲੀ ਬਿਲ-2020 ਰੱਦ ਕਰਨ, ਲਖੀਮਪੁਰ ਖੀਰੀ ਦੇ ਸ਼ਹੀਦ ਕਿਸਾਨਾਂ ਨੂੰ ਇਨਸਾਫ਼ ਦਿਵਾਉਣ, ਅਜੈ ਮਿਸ਼ਰਾ ਟੈਨੀ ਨੂੰ ਕੇਂਦਰੀ ਮੰਤਰੀ ਮੰਡਲ ਵਿੱਚੋਂ ਬਰਖ਼ਾਸਤ ਕਰਨ, ਸ਼ਹੀਦ ਕਿਸਾਨ ਪ੍ਰੀਵਾਰਾਂ ਦੇ ਵਾਰਸਾਂ ਨੂੰ ਸਰਕਾਰੀ ਨੌਕਰੀ ਅਤੇ ਸਹਾਇਤਾ ਦੇਣ, ਅੰਦੋਲਨ ਦੌਰਾਨ ਪੁਲਿਸ ਕੇਸ ਵਾਪਸ ਕਰਵਾਉਣ ਆਦਿ ਮੰਗਾਂ ਐਸਕੇਐਮ ਦੀ ਅਗਵਾਈ ਵਿੱਚ ਸੰਘਰਸ਼ ਲਗਾਤਾਰ ਜਾਰੀ ਹੈ। ਆਗੂਆਂ ਬਲਵੰਤ ਸਿੰਘ ਉੱਪਲੀ, ਸਾਹਿਬ ਸਿੰਘ ਬਡਬਰ, ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ, ਬਾਬੂ ਸਿੰਘ ਖੁੱਡੀਕਲਾਂ, ਭੋਲਾ ਸਿੰਘ ਛੰਨਾਂ, ਨਾਨਕ ਸਿੰਘ ਅਮਲਾ ਸਿੰਘ ਵਾਲਾ, ਕੁਲਵਿੰਦਰ ਸਿੰਘ,ਕਾਲਾ ਸਿੰਘ ਜੈਦ ਨੇ ਕਿਹਾ ਕਿ ਮੋਦੀ ਹਕੂਮਤ ਵਿਸ਼ਵ ਵਪਾਰ ਸੰਸਥਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਲਾਗੂ ਕਰ ਰਹੀ ਹੈ। ਇਹ ਨੀਤੀਆਂ ਖੇਤੀ/ਪੇਂਡੂ ਸੱਭਿਆਚਾਰ ਨੂੰ ਤਬਾਹ ਕਰ ਰਹੀ ਹੈ। ਇਸੇ ਹੀ ਤਰ੍ਹਾਂ ਜਨਤਕ ਖੇਤਰ ਦੇ ਸਿਹਤ, ਸਿੱਖਿਆ, ਰੇਲਵੇ,ਕੋਲਾ ਖਾਣਾਂ, ਬੈਂਕ, ਬੀਮਾ, ਊਰਜਾ, ਜਹਾਜ਼ ਰਾਨੀ ਵਰਗੇ ਅਦਾਰੇ ਅਡਾਨੀ ਅੰਬਾਨੀ ਨੂੰ ਕੌਡੀਆਂ ਦੇ ਭਾਅ ਵੇਚ ਰਹੀ ਹੈ। ਮੋਦੀ ਹਕੂਮਤ ਨੂੰ ਪੰਜਾਬ ਦੇ ਕੁਰਬਾਨੀਆਂ ਭਰੇ ਇਤਿਹਾਸ ਨੂੰ ਕੰਧ ਤੇ ਲਿਖਿਆ ਜ਼ਰੂਰ ਪੜ੍ਹ ਲੈਣਾ ਚਾਹੀਦਾ ਹੈ ਕਿ ਉਨ੍ਹਾਂ ਦਾ ਜਬਰ ਸੰਘਰਸ਼ ਕਰਨ ਵਾਲੇ ਕਾਫ਼ਲਿਆਂ ਨੂੰ ਅੱਗੇ ਵਧਣ ਤੋਂ ਰੋਕ ਨਹੀਂ ਸਕਦਾ। ਸਗੋਂ ਹਾਕਮਾਂ ਦਾ ਜ਼ਬਰ ਸੰਘਰਸ਼ਾਂ ਦੀ ਖ਼ੁਰਾਕ ਬਣ ਜਾਇਆ ਕਰਦਾ ਹੈ। ਆਗੂਆਂ ਕਿਹਾ ਕਿ ਸਾਡਾ ਸੰਘਰਸ਼ ਹਰ ਕਿਸਮ ਦੀ ਕੁਰਬਾਨੀ ਦੇਕੇ ਵੀ ਜਾਰੀ ਰਹੇਗਾ ਅਤੇ ਮੋਦੀ ਹਕੂਮਤ ਨੂੰ ਕਿਸਾਨਾਂ -ਮਜਦੂਰਾਂ ਦੀਆਂ ਹੱਕੀ ਮੰਗਾਂ ਮੰਨਣ ਲਈ ਮਜਬੂਰ ਕਰੇਗਾ। ਰੇਲਾਂ ਦੇ ਇਸ ਚੱਕਾ ਜਾਮ ਵਿੱਚ ਕਿਸਾਨ ਔਰਤ ਕਾਰਕੁਨਾਂ ਨੇ ਵੀ ਸ਼ਮੂਲੀਅਤ ਕੀਤੀ। ਬੁਲਾਰਿਆਂ ਨੇ 16 ਫਰਬਰੀ ਦੇ ਭਾਰਤ ਬੰਦ ਨੂੰ ਸਫ਼ਲ ਬਨਾਉਣ ਦੀ ਅਪੀਲ ਕੀਤੀ।






## ਐਸ ਐਸ ਪੀ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਕੀਤੀ ਥਾਣਾ ਕਾਠਗੜ੍ਹ ਤੇ ਹਾਈਟੈੱਕ ਨਾਕਾ ਆਸਰੋਂ ਦੀ ਅਚਨਚੇਤ ਚੈਕਿੰਗ

ਲੋਕ ਬਾਣੀ/ ਕਾਠਗੜ੍ਹ

ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਨਵ ਨਿਯੁਕਤ ਐਸ ਐਸ ਪੀ ਮਹਿਤਾਬ ਸਿੰਘ ਨੇ ਥਾਣਾ ਕਾਠਗੜ੍ਹ ਅਤੇ ਹਾਈਟੈੱਕ ਨਾਕਾ ਆਸਰੋਂ ਦੀ ਅਚਨਚੇਤ ਜਾਂਚ ਕੀਤੀ। ਇਸ ਮੌਕੇ ਡੀ ਐਸ ਪੀ ਸ਼ਾਮ ਸੁੰਦਰ ਸ਼ਰਮਾ ਬਲਾਚੌਰ ਐਸ ਐਸ ਓ ਥਾਣਾ ਕਾਠਗੜ੍ਹ ਹੇਮੰਤ ਮਲਹੋਤਰਾ ਚੌਕੀ ਇੰਚਾਰਜ ਆਸਰੋਂ ਵਿਕਰਮ ਸਿੰਘ ਉਹਨਾਂ ਨਾਲ ਮੌਜੂਦ ਰਹੇ। ਇਸ ਮੌਕੇ ਐਸ ਐਸ ਪੀ ਮਹਿਤਾਬ ਸਿੰਘ ਨੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਇਲਾਕੇ ਵਿੱਚ ਕਾਨੂੰਨ ਪ੍ਰਬੰਧਾਂ ਦੀ ਸਥਿਤੀ ਹਰ ਹਾਲਤ ਵਿੱਚ ਰੱਖਣ। ਉਨਾਂ ਕਿਹਾ ਕਿ ਸ਼ਰਾਰਤੀ ਅਨਸਰਾਂ ਨੂੰ ਠੱਲ ਪਾਉਣ ਲਈ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣ ਨੂੰ ਲਈ ਕਿਹਾ। ਉਨਾਂ ਕਿਹਾ ਕਿ ਜੋ ਲੋਕ ਆਪਣੀਆ ਸ਼ਿਕਾਇਤਾ ਲੈ ਕੇ ਪਹੁੰਚਦੇ ਹਨ ਉਨਾਂ ਦੀਆ ਸ਼ਿਕਾਇਤਾਂ ਦਾ ਜਲਦ ਤੋਂ ਜਲਦ ਨਿਪਟਾਰਾ ਕੀਤਾ ਜਾਵੇ। ਉਨਾਂ ਨੇ ਆਸਰੋਂ ਹਾਈਟੈੱਕ ਨਾਕੇ ਤੇ ਪਹੁੰਚ ਕੇ ਕਰਮਚਾਰੀਆ ਨੂੰ ਕਿਹਾ ਕਿ ਨਾਕੇ ਤੇ ਆਉਣ ਜਾਣ ਵਾਲੇ ਵਾਹਨਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇ। ਉਨਾਂ ਕਿਹਾ ਕਿ ਇਲਾਕੇ ਵਿੱਚ ਵੱਧ ਰਹੀਆਂ ਚੋਰੀ, ਲੁੱਟ ਖੋਹ ਤੇ ਕਾਨੂੰਨ ਦੀਆਂ ਧੱਜੀਆਂ ਉਡਾਉਣ ਵਾਲੇ ਸ਼ਰਾਰਤੀ ਅਨਸਰਾਂ ਤੇ ਸਖਤ ਨਜਰ ਰੱਖੀ ਜਾਵੇ।

ਉਨਾਂ ਕਿਹਾ ਕਿ ਕਿਸੇ ਨੂੰ ਕਾਨੂੰਨ ਨੂੰ ਭੰਗ ਕਰਨ ਦੀ ਆਗਿਆ ਨਹੀ ਹੈ। ਇਸ ਲਈ ਪੁਲਿਸ ਪਬਲਿਕ ਨਾਲ ਆਪਣੇ ਮੇਲ ਮਿਲਾਪ ਵਧਾਏ। ਉਨਾਂ ਇਲਾਕੇ ਦੇ ਲੋਕਾ ਨੂੰ ਅਪੀਲ ਕੀਤੀ ਕਿ ਜੇਕਰ ਤੁਹਾਨੂੰ ਕੋ ਈ ਸ਼ਰਾਰਤੀ ਤੱਤਵ ਬਾਰੇ ਪਤਾ ਹੈ ਤਾਂ ਉਸਦੀ ਸੂਚਨਾ ਤੁਰੰਤ ਪੁਲਿਸ ਥਾਣਾ ਕਾਠਗੜ੍ਹ ਜਾ ਆਸਰੋਂ ਚੌਕੀ ਨੂੰ ਦਿੱਤੀ ਜਾਵੇ ਅਤੇ ਸੂਚਨਾ ਦੱਸਣ ਵਾਲੇ ਦੀ ਪਹਿਚਾਣ ਗੁੱਪਤ ਰੱਖੀ ਜਾਵੇ।







## ਮਹਾਰਾਜਾ ਅਗਰਸੈਨ ਜੀ ਦਾ ਸਥਾਪਨਾ ਦਿਵਸ ਮਨਾਇਆ



ਲੋਕ ਬਾਣੀ/ ਸਮਾਣਾ

-ਅਗਰਵਾਲ ਸਭਾ ਸਮਾਣਾ ਵੱਲੋਂ ਰਮੇਸ਼ ਗਰਗ ਦੀ ਸਰਪ੍ਰਸਤੀ ਅਤੇ ਪਵਨ ਬਾਂਸਲ ਦੀ ਪ੍ਰਧਾਨਗੀ ਵਿਚ ਮਹਾਰਾਜਾ ਅਗਰਸੈਨ ਜੀ ਦਾ 20ਵਾਂ ਮੂਰਤੀ ਸਥਾਪਨਾ ਦਿਵਸ ਮਨਾਇਆ ਗਿਆ। ਇਸ ਮੌਕੇ ਸ਼ਹਿਰ ਦੇ ਅਗਰਸੈਨ ਚੌਂਕ ਵਿਚ ਸਮਾਜ ਦੇ ਪ੍ਰਮੁੱਖ ਵਿਅਕਤੀਆਂ ਦੀ ਹਾਜ਼ਰੀ ਵਿਚ ਮਹਾਰਾਜਾ ਅਗਰਸੈਨ ਜੀ ਦੀ ਮੂਰਤੀ ਤੇ ਫੁੱਲਮਾਲਾ ਭੇਟ ਕਰਨ ਤੋਂ ਬਾਅਦ ਪੂਜਾ ਅਰਚਨਾ ਕੀਤੀ ਗਈ। ਇਸ ਮੌਕੇ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਪ੍ਰਧਾਨ ਮਦਨ ਮਿੱਤਲ ਵੀ ਆਪਣੇ ਸਮੂਹ ਮੈਂਬਰਾਂ ਸਣੇ ਸ਼ਾਮਲ ਸਨ, ਜਿਨ੍ਹਾਂ ਮਹਾਰਾਜ ਦੀ ਮੂਰਤੀ ਤੇ ਫੁੱਲ ਮਾਲਾਵਾਂ ਭੇਟ ਕਰਕੇ ਆਪਣੀ ਸ਼ਰਧਾ ਜਤਾਈ।

ਇਸ ਮੌਕੇ ਸੀਤਾ ਰਾਮ ਗੁਪਤਾ, ਗੋਰਵ ਅਗਰਵਾਲ, ਇੰਜੀ: ਕਰਨ ਗੁਪਤਾ, ਸੁਰਿੰਦਰ ਬਾਂਸਲ, ਪ੍ਰਦੀਪ ਮਿੰਕਾ ਗੋਇਲ, ਰਮਨ ਗੁਪਤਾ, ਸੁਰਿੰਦਰ ਮਿੱਤਲ , ਸੀ.ਏ. ਲਲਿਤ ਸਿੰਗਲਾ, ਸ਼ਿਵ ਕੁਮਾਰ ਘੱਗਾ, ਕੌਂਸਲਰ ਟਿੰਕਾ ਗਾਜੇਵਾਸ, ਵਿਕਾਸ ਛੋਟੂ, ਸੰਦੀਪ ਲੱਕੀ, ਰਾਮ ਬਾਂਸਲ, ਸ਼ਸੀ ਭੂਸ਼ਣ ਸਿੰਗਲਾ, ਮੁਨੀਸ਼ ਰੋਕੀ ਆਦਿ ਵੀ ਮੌਜੂਦ ਸਨ।

# ਮੁੱਖ ਮੰਤਰੀ ਭਗਵੰਤ ਮਾਨ ਅਤੇ ਕੈਬਿਨਟ ਸਬ ਕਮੇਟੀ ਵੱਲੋਂ ਫੈਸਲਾ ਲੈਣ ਦੇ ਬਾਵਜੂਦ ਵੀ ਦਫਤਰੀ ਕਾਮਿਆਂ ਦੇ ਮਸਲੇ ਹੱਲ ਨਾ ਹੋਏ

## 17 ਫਰਵਰੀ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੂਬਾ ਪੱਧਰੀ ਰੋਸ ਜ਼ਾਹਿਰ ਕਰਨ ਅਤੇ 21 ਫਰਵਰੀ ਤੋਂ 23 ਫਰਵਰੀ ਤੱਕ ਕਲਮ ਛੋੜ ਹੜਤਾਲ ਦਾ ਐਲਾਨ

ਲੋਕ ਬਾਣੀ/ ਮਾਲੇਰਕੋਟਲਾ




ਮੁੱਖ ਮੰਤਰੀ ਦੇ ਹਰੇ ਪੈੱਨ ਨੇ ਸਿੱਖਿਆ ਵਿਭਾਗ ਦੇ ਦਫਤਰੀ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਫੈਸਲਾ ਲਿਆ ਅਤੇ ਉਸ ਤੇ ਤਿੰਨ ਮੰਤਰੀ ਦੀ ਬਣੀ ਕੈਬਿਨਟ ਸਬ ਕਮੇਟੀ ਦੀ ਵੀ ਮੋਹਰ ਲੱਗਣ ਦੇ ਬਾਵਜੂਦ ਸਿੱਖਿਆ ਵਿਭਾਗ ਦੇ ਦਫਤਰੀ ਕਰਮਚਾਰੀਆ ਨੂੰ ਨਾ ਤਾਂ ਰੈਗੂਲਰ ਦੇ ਆਰਡਰ ਮਿਲੇ ਅਤੇ ਨਾ ਹੀ ਕਰਮਚਾਰੀਆ ਦੀ ਤਨਖਾਹ ਕਟੌਤੀ ਬੰਦ ਹੋਈ। ਸੂਬੇ, ਸਰਕਾਰ ਅਤੇ ਵਿਭਾਗ ਨੂੰ ਚਲਾਉਣ ਲਈ ਦਫਤਰੀ ਮੁਲਾਜ਼ਮ ਸਰਕਾਰਾਂ ਦੀ ਰੀੜ ਦੀ ਹੱਡੀ ਮੰਨੇ ਜਾਦੇ ਹਨ ਪ੍ਰੰਤੂ ਪੰਜਾਬ ਦਾ ਸਿੱਖਿਆ ਵਿਭਾਗ ਕਿਸੇ ਵੀ ਪਾਰਟੀ ਦੀ ਸਰਕਾਰ ਆਈ ਹੋਵੇ ਦਫਤਰੀ ਮੁਲਾਜ਼ਮਾਂ ਨਾਲ ਵਿਤਕਰਾ ਹੀ ਕਰਦਾ ਰਿਹਾ ਹੈ। ਸਿੱਖਿਆ ਵਿਭਾਗ ਵੱਲੋਂ ਹਰ ਵਾਰ ਦਫਤਰੀ ਮੁਲਾਜ਼ਮਾਂ ਨੂੰ ਬਣਦੇ ਹੱਕ ਦੇਣ ਦੀ ਬਜਾਏ ਹਰ ਵਾਰ ਵਿਸਾਰਿਆ ਜਾ ਰਿਹਾ ਹੈ। ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਸਿੱਖਿਆ ਮੰਤਰੀ ਹਰਜੋਤ ਬੈਂਸ ਅਤੇ ਕੈਬਿਨਟ ਸਬ ਕਮੇਟੀ ਵੱਲੋਂ ਸਿੱਖਿਆ ਵਿਭਾਗ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਫੈਸਲਾ ਲੈਣ ਦੇ ਬਾਵਜੂਦ ਵੀ ਮਹੀਨਿਆ ਤੋਂ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਕੰਮ ਨੂੰ ਅਮਲੀ ਜਾਮਾ ਨਹੀ ਪਹਿਨਾਇਆ ਗਿਆ। ਆਗੂਆ ਨੇ ਦੱਸਿਆ ਕਿ ਜਦੋ ਦੀ ਆਪ ਸਰਕਾਰ ਸੱਤਾ ਵਿਚ ਹੈ ਸਿੱਖਿਆ ਮੰਤਰੀ ਅਤੇ ਵਿਭਾਗੀ ਅਧਿਕਾਰੀਆ ਵੱਲੋਂ ਮੁਲਾਜ਼ਮਾਂ ਨਾਲ ਅਨੇਕਾਂ ਮੀਟਿੰਗਾਂ ਕੀਤੀਆ ਗਈਆ ਪਰ ਸਿਰਫ ਭਰੋਸੇ ਤੇ ਲਾਰੇ ਵਿਚ ਸਮਾਂ ਟਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਮਿਤੀ 22 ਨਵੰਬਰ 2023 ਨੂੰ ਕੈਬਿਨਟ ਸਬ ਕਮੇਟੀ ਦੀ ਪੰਜਾਬ ਭਵਨ ਵਿਖੇ ਮੀਟਿੰਗ ਹੋਈ। ਜਿਸ ਵਿਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਿਨਟ ਮੰਤਰੀ ਅਮਨ ਅਰੋੜਾ ਅਤੇ ਕੈਬਿਨਟ ਮੰਤਰੀ ਕੁਲਦੀਪ ਧਾਲੀਵਾਲ ਵੱਲੋਂ ਕਰਮਚਾਰੀਆ ਨੂੰ ਪੱਕਾ ਕਰਨ ਦੀ ਸਹਿਮਤੀ ਦਿੱਤੀ ਗਈ ਪਰ 2 ਮਹੀਨੇ ਤੋਂ ਜ਼ਿਆਦਾ ਸਮਾਂ ਬੀਤਣ ਤੇ ਵੀ ਕਰਮਚਾਰੀਆ ਨੂੰ ਨਾ ਤਾਂ ਰੈਗੂਲਰ ਦੇ ਆਰਡਰ ਮਿਲੇ ਅਤੇ ਨਾ ਹੀ ਕਰਮਚਾਰੀਆ ਦੀ ਤਨਖਾਹ ਕਟੌਤੀ ਦੂਰ ਕੀਤੀ।

ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਅਕਾਲੀ ਦਲ ਅਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਆਗੂਆਂ ਨੇ ਦੱਸਿਆ ਕਿ ਦਫਤਰੀ ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ ਜੋ ਕਿ ਵਾਰ ਵਾਰ ਮੰਤਰੀਆਂ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਪੂਰੀ ਨਹੀ ਹੋਈ। ਇਸ ਦੇ ਨਾਲ ਹੀ ਮਿਡ ਡੇ ਮੀਲ ਦਫਤਰੀ ਕਰਮਚਾਰੀਆ ਦੀ ਸਾਲ 2019 ਤੋਂ ਤਨਖਾਹ ਵਿਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ। ਆਗੂਆ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ, ਸਿੱਖਿਆ ਮੰਤਰੀ ਪੰਜਾਬ ਅਤੇ ਕੈਬਿਨਟ ਸਬ ਕਮੇਟੀ ਦੀ ਮੰਨਜ਼ੂਰੀ ਮਿਲਣ ਤੇ ਵੀ ਕਰਮਚਾਰੀਆ ਦੇ ਮਸਲੇ ਹੱਲ ਨਹੀ ਕੀਤੇ ਜਾ ਰਹੇ ਇਸ ਕਰਕੇ ਸਮੁੱਚੇ ਦਫਤਰੀ ਮੁਲਾਜ਼ਮਾਂ ਵਿਚ ਰੋਸ ਹੈ। ਆਗੂਆ ਨੇ ਕਿਹਾ ਕਿ ਦਫਤਰੀ ਮੁਲਜ਼ਮ ਆਪਣਾ ਰੋਸ ਜ਼ਾਹਿਰ ਕਰਨ ਲਈ 17 ਫਰਵਰੀ ਨੂੰ ਮੁੱਖ ਮੰਤਰੀ ਪੰਜਾਬ,ਦੇ ਸ਼ਹਿਰ ਸੂਬਾ ਪੱਧਰੀ ਇਕੱਠ ਕਰਕੇ ਰੋਸ ਪ੍ਰਦਰਸ਼ਨ ਕਰਨਗੇ ਅਤੇ 21 ਫਰਵਰੀ ਤੋਂ 23 ਫਰਵਰੀ ਤੱਕ ਕਲਮ ਛੋੜ ਹੜਤਾਲ ਕੀਤੀ ਜਾਵੇਗੀ।

# ਸਮਾਣਾ 'ਚ ਇੰਟਰਨੈਟ ਬੰਦ ਹੋਣ ਨਾਲ ਕਾਰੋਬਾਰ ਠੱਪ

ਲੋਕ ਬਾਣੀ/ ਸਮਾਣਾ

-ਚੱਲ ਰਹੇ ਕਿਸਾਨੀ ਅੰਦੋਲਨ ਦੇ ਚਲਦਿਆਂ ਸਮਾਣਾ 'ਚ ਪਿਛਲੇ ਤਿੰਨ ਦਿਨਾਂ ਤੋ ਨੈਟ ਬੰਦ ਹੋਣ ਨਾਲ ਜਿਥੇ ਆਮ ਜਿੰਦਗੀ ਪ੍ਰਭਾਵਿਤ ਹੋਈ ਹੈ,ਉਥੇ ਵਪਾਰੀਆਂ ਦੇ ਕਾਰੋਬਾਰ ਠੱਪ ਹੋਣ, ਰਜਿਸਟਰੀਆਂ ਨਾ ਹੋਣ, ਅਸ਼ਟਾਮ ਨਾ ਮਿਲਣ ਤੋਂ ਇਲਾਵਾ ਪੜ੍ਹਾਈ ਕਰਨ ਵਾਲੇ ਬੱਚਿਆਂ ਨੂੰ ਵੀ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਸ਼ਹਿਰ ਪੂਰੀ ਤਰ੍ਹਾਂ ਨਾਲ ਸ਼ਾਂਤ ਹੈ ਅਤੇ ਕਿਸਾਨ ਅੰਦੋਲਨ ਦਾ ਭੋਰਾ ਜਿਨ੍ਹਾਂ ਵੀ ਅਸਰ ਵਿਖਾਈ ਨਹੀਂ ਦੇ ਰਿਹਾ। ਫਿਰ ਵੀ ਸਮਾਣਾ ਇਲਾਕੇ ਖਾਸ ਕਰਕੇ ਸ਼ਹਿਰ ਦੇ ਲੋਕਾਂ ਨੂੰ ਵਖਤਾਂ ਵਿਚ ਕਿਊਂ ਪਾਇਆ ਹੈ। ਪਹਿਲਾ ਜਿਨ੍ਹੀ ਵਾਰ ਵੀ ਨੈਟ ਬੰਦ ਕਰਨ ਦੀ ਨੌਬਤ ਆਈ ਹੈ। ਸਰਕਾਰ ਨੇ ਸਿਰਫ ਮੋਬਾਇਲ ਨੈਟ ਵਰਕ ਹੀ ਬੰਦ ਕੀਤਾ ਸੀ। ਵਾਈ ਫਾਈ ਚੱਲਦੇ ਰਹਿਣ ਨਾਲ ਕਾਰੋਬਾਰ ਆਮ ਵਾਂਗ ਚਲਦੇ ਰਹਿੰਦੇ ਸਨ। ਪਰ ਇਸ ਵਾਰ ਮੋਬਾਇਲ ਅਤੇ ਵਾਈ ਫਾਈ ਦਾ ਨੈਟ ਵਰਕ ਪੂਰੀ ਤਰ੍ਹਾਂ ਬੰਦ ਕੀਤਾ ਗਿਆ ਹੈ। ਜਿਸ ਨਾਲ ਸਰਕਾਰੀ ਦਫਤਰਾਂ,ਬੈਂਕਾ ਅਤੇ ਵਪਾਰ ਦਾ ਕੰਮ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਲੋਕਾਂ ਨੂੰ ਆਨਲਾਇਨ ਅਦਾਇਗੀ ਬੰਦ ਹੋ ਗਈ ਹੈ। ਗਾਹਕਾਂ ਨੂੰ ਬੈਂਕਾਂ ਵਿਚੋਂ ਪੈਸੇ ਕਢਵਾਉਣ ਵਿਚ ਭਾਰੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਫਰਦ ਅਤੇ ਸੇਵਾ ਕੇਂਦਰਾਂ ਦਾ ਕੰਮ ਤੀਜੇ ਦਿਨ ਵੀ ਠੱਪ ਰਿਹਾ। ਨੈਟ ਬੰਦ ਹੋਣ ਨਾਲ ਵਿਹਲੇ ਬੈਠੇ ਲੋਕ ਸਰਕਾਰ ਨੂੰ ਕੋਸ ਰਹੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਰੋਬਾਰੀ ਪ੍ਰਦਮਨ ਸਿੰਘ ਵਿਰਕ ਨੇ ਦੱਸਿਆ ਕਿ ਸਮਾਣਾ ਸ਼ਹਿਰ ਵਿਚ ਨੈਟ ਬਿਲਕੁਲ ਬੰਦ ਕਰਨ ਨਾਲ ਉਨ੍ਹਾਂ ਦਾ ਕੰਮ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਆਨਲਾਇਨ ਅਦਾਇਗੀ ਬੰਦ ਹੋਣ ਨਾਲ ਵੱਡੀਆਂ ਮੁਸਕਿਲਾਂ ਦਾ ਸਾਹਮਣਾ ਕਰਨ ਪੈ ਰਿਹਾ ਹੈ। ਜਿਆਦਾ ਤਰ ਲੋਕਾਂ ਵੱਲੋਂ ਨੈਟ ਬੰਦ ਕਰਨਾ ਪੰਜਾਬ ਸਰਕਾਰ ਦਾ ਅਨਾੜੀ ਪੁਨਾ ਮੰਨਿਆ ਜਾ ਰਿਹਾ ਹੈ।



95 ਫੀਸਦੀ ਕਿਸਾਨ ਪਿੰਡਾਂ ਅਤੇ ਡੇਰਿਆਂ 'ਚ ਰਹਿੰਦੇ ਹਨ। ਜਿਥੇ ਨੈਟ ਚੱਲ ਰਿਹਾ ਹੈ। ਸਮਾਣਾ ਸ਼ਹਿਰ ਵਿਚ ਨਾਮਾਤਰ ਕਿਸਾਨ ਰਹਿੰਦੇ ਹਨ, ਫਿਰ ਵੀ ਸਰਕਾਰ ਨੇ ਸ਼ਹਿਰੀ ਲੋਕਾਂ ਨੂੰ ਖਾਮਖਾਹ ਮੁਸੀਬਤ ਵਿਚ ਪਾਇਆ ਹੋਇਆ ਹੈ। ਇਸ ਸੰਬਧੀ ਐਸ.ਡੀ.ਐਮ. ਸਮਾਣਾ ਰਿਚਾ ਗੋਇਲ ਨੇ ਕਿਹਾ ਕਿ ਉਹ ਨੈੱਟ ਚਾਲੂ ਕਰਵਾਊਣ ਦੀ ਕੋਸ਼ਿਸ਼ ਕਰ ਰਹੇ ਹਨ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com